Bani3010.docx

# ਗੁਰਬਾਣੀ ਅਨੁਸਾਰ ਇਕ ਆਦਰਸ਼ ਗੁਰੂਦੁਆਰਾ ਸਾਹਿਬ ਨੂੰ ਅਮਲੀ ਰੂਪ ਦੇਣ ਲਈ ਕੀ ਕਰਨਾ ਚਾਹੀਦਾ ਹੈ?

# What should be done to give practical shape to an ideal Gurudwara Sahib according to Gurbani?

## ਸੰਖੇਪ

ਸਾਨੂੰ ਆਦਰਸ਼ ਗੁਰੂਦੁਆਰਾ ਸਾਹਿਬ ਨੂੰ ਅਮਲੀ ਰੂਪ ਦੇਣ ਲਈ ਇਹ ਧਿਆਨ ਵਿਚ ਰੱਖਣਾ ਹੈ, ਕਿ ਅਸੀਂ ਹਰੇਕ ਉਮਰ ਦੇ ਬੱਚੇ, ਬੱਚੀ, ਨੌਜਵਾਨ, ਇਸਤਰੀ, ਪੁਰਸ਼, ਬਜੁਰਗ, ਮਾਤਾ ਪਿਤਾ ਲਈ ਉਨ੍ਹਾਂ ਦੇ ਮਾਨਸਿਕ, ਆਰਥਿਕ, ਕੰਮ ਕਾਰ, ਸਥਾਨ, ਮੌਸਮ, ਰੁਚੀ ਤੇ ਲੋੜਾਂ ਨੂੰ ਧਿਆਨ ਵਿਚ ਰੱਖਦੇ ਹੋਏ, ਗੁਰਮਤਿ ਅਨੁਸਾਰ ਜੀਵਨ ਦੇ ਸਹੀ ਤੇ ਉਚਿੱਤ ਮਾਰਗ ਲਈ ਕਿਸ ਤਰ੍ਹਾਂ ਸਿਖਆ ਦੇ ਸਕਦੇ ਹਾਂ। ਸਾਨੂੰ ਇਹ ਵੀ ਵੇਖਣਾ ਹੈ, ਕਿ ਸਭ ਵਰਗ ਦੇ ਲੋਕਾਂ ਦੀਆਂ ਸਮਾਜਕ, ਮਾਨਸਿਕ ਤੇ ਆਰਥਿਕ ਲੋੜਾਂ, ਅਤੇ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿਚ ਰੱਖਦੇ ਹੋਏ, ਕਿਸ ਤਰ੍ਹਾਂ ਉਨ੍ਹਾਂ ਦੇ ਮਨ ਅੰਦਰ ਗੁਰਬਾਣੀ ਦੁਆਰਾ ਆਪਸੀ ਵਿਚ ਪ੍ਰੇਮ, ਵਿਸ਼ਵਾਸ ਤੇ ਸਤਿਕਾਰ ਪੈਦਾ ਕਰਨਾ ਹੈ, ਤਾਂ ਜੋ ਉਨ੍ਹਾਂ ਦੀ ਸੋਚ ਨੂੰ ਸਚਿਆਰ ਬਣਨ ਦੀ ਦਿਸ਼ਾ ਵੱਲ ਮੋੜਿਆ ਜਾ ਸਕੇ ਹੈ, ਅਤੇ ਸਭ ਵਰਗ ਦੇ ਲੋਕ ਆਨੰਦਮਈ ਜੀਵਨ ਬਤੀਤ ਕਰ ਸਕਣ। ਇਸ ਮੰਤਵ ਨੂੰ ਪੂਰਾ ਕਰਨ ਲਈ ਸਾਨੂੰ ਖੁਦ ਪਹਿਲਾਂ ਆਪਣੇ ਆਪ ਨੂੰ ਤੇ ਫਿਰ ਦੂਸਰਿਆਂ ਨੂੰ ਗੁਰਬਾਣੀ ਅਨੁਸਾਰ ਚਲਣ ਲਈ ਪ੍ਰੇਰਨਾ ਹੈ।

ਗੁਰਸਿਖ ਮੀਤ ਚਲਹੁ ਗੁਰ ਚਾਲੀ ॥ ਜੋ ਗੁਰੁ ਕਹੈ ਸੋਈ ਭਲ ਮਾਨਹੁ ਹਰਿ ਹਰਿ ਕਥਾ ਨਿਰਾਲੀ ॥੧॥ ਰਹਾਉ ॥ {੬੬੭}

ਸਾਨੂੰ ਆਪਣੇ ਗੁਰਦੁਆਰੇ, **"ਸਤਸੰਗਤਿ ਸਤਿਗੁਰ ਚਟਸਾਲ ਹੈ ਜਿਤੁ ਹਰਿ ਗੁਣ ਸਿਖਾ"**, ਭਾਵ, ਇਕ ਚਟਸਾਲ/ਸਕੂਲ ਦੀ ਤਰ੍ਹਾਂ ਬਣਾਉਂਣੇ ਹਨ, ਜਿਥੇ ਅਕਾਲ ਪੁਰਖ ਵਰਗੇ ਗੁਣ ਅਪਨਾ ਕੇ, ਜੀਵਨ ਜਾਚ ਦੀ ਸਿਖਿਆ ਲੈ ਕੇ, ਸਚਿਆਰ ਬਣਨਾ ਸਿਖਾਇਆ ਜਾ ਸਕੇ। ਇਹ ਸਿਖਿਆ ਹਰੇਕ ਉਮਰ ਦੇ ਬੱਚੇ, ਬੱਚੀ, ਨੌਜਵਾਨ, ਇਸਤਰੀ, ਪੁਰਸ਼, ਬਜੁਰਗ, ਮਾਤਾ ਪਿਤਾ ਲਈ ਉਨ੍ਹਾਂ ਦੇ ਮਾਨਸਿਕ, ਆਰਥਿਕ, ਕੰਮ ਕਾਰ, ਸਥਾਨ, ਮੌਸਮ, ਰੁਚੀ ਤੇ ਲੋੜ ਅਨੁਸਾਰ ਵੱਖ ਵੱਖ ਤਰੀਕਿਆਂ ਅਨੁਸਾਰ ਹੋਣੀ ਚਾਹੀਦੀ ਹੈ, ਤਾਂ ਜੋ ਉਹ ਜੀਵਨ ਦੇ ਹਰੇਕ ਪਹਿਲੂ ਤੋਂ ਗੁਰਬਾਣੀ ਦੀ ਸਿਖਿਆ ਲੈ ਕੇ ਆਪਣਾ ਮਨੁੱਖਾ ਜੀਵਨ ਸਫਲ ਕਰ ਸਕਣ। ਸਭ ਤਰ੍ਹਾਂ ਦੇ ਵਰਗਾਂ ਲਈ ਸਕੂਲ, ਕਾਲਜ, ਯੂਨੀਵਰਸਟੀ ਦੀ ਤਰ੍ਹਾਂ ਸਲੇਬਸ ਤਿਆਰ ਕਰਕੇ ਸਿਖਿਆ ਦਾ ਪ੍ਰਬੰਧ ਕਰਨਾ ਹੈ।

ਗੁਰਮਤਿ ਅਨੁਸਾਰ ਮਨੁੱਖਾ ਜੀਵਨ ਦਾ ਮੰਤਵ, ਸਿਧਾਂਤ, ਤੇ ਜੀਵਨ ਦਾ ਸਫਰ, ਸਭ ਕੁਝ ਕੁਦਰਤ ਹੀ ਹੈ। ਮਨੁੱਖ ਨੇ ਕੁਦਰਤ ਵਿਚ ਰਹਿੰਣਾ ਹੈ, ਕੁਦਰਤ ਅਨੁਸਾਰ ਚਲਣਾ ਹੈ, ਕੁਦਰਤ ਦੀਆਂ ਬਖਸ਼ਸ਼ਾ ਨੂੰ ਵਰਤਣਾ ਹੈ, ਅਤੇ ਆਪਣੇ ਉਜਲ ਭਵਿੱਖ ਦੀ ਖਾਤਰ ਕੁਦਰਤ ਦੀ ਸੰਭਾਲ ਤੇ ਕਦਰ ਵੀ ਕਰਨੀ ਹੈ। ਗੁਰਬਾਣੀ ਅਨੁਸਾਰ ਅਕਾਲ ਪੁਰਖੁ ਦੀ ਪ੍ਰੀਭਾਸ਼ਾ ਵੀ ਕੁਦਰਤ ਦੇ ਗੁਣਾਂ ਅਨੁਸਾਰ ਹੀ ਹੈ:

**ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥**

ਗੁਰਬਾਣੀ ਅਨੁਸਾਰ ਸਿੱਖ ਧਰਮ ਦਾ ਮੁੱਢਲਾ ਸਿਧਾਂਤ ਵੀ ਕੁਦਰਤ ਦੇ ਨਿਯਮਾਂ ਅਨੁਸਾਰ ਚਲਣਾ ਹੀ ਹੈ। ਜਿਸ ਅਨੁਸਾਰ ਇਹ ਸ੍ਰਿਸ਼ਟੀ ਅਨੇਕਾਂ ਸਦੀਆਂ ਤੋਂ ਚਲਦੀ ਆ ਰਹੀ ਹੈ, ਹੁਣ ਚਲ ਰਹੀ ਹੈ, ਤੇ ਭਵਿੱਖ ਵਿਚ ਵੀ ਚਲਦੀ ਰਹੇਗੀ।

**"ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ"**

ਗੁਰਬਾਣੀ ਅਨੁਸਾਰ ਮਨੁੱਖਾ ਜਨਮ ਦਾ ਮੰਤਵ ਵੀ ਇਹੀ ਹੈ, ਕਿ ਅਕਾਲ ਪੁਰਖੁ ਵਰਗੇ ਗੁਣ ਅਪਨਾ ਕੇ ਉਸ ਨਾਲ ਅਭੇਦ ਹੋਣਾ ਹੈ, ਤੇ ਸਚਿਆਰ ਬਣ ਕੇ ਸਦਾ ਅਨੰਦੁ ਦੀ ਅਵਸਥਾ ਵਿਚ ਆਪਣਾ ਮਨੁੱਖਾ ਜੀਵਨ ਬਤੀਤ ਕਰਨਾ ਹੈ।

ਹੁਣ ਸਵਾਲ ਪੈਦਾ ਹੁੰਦਾ ਹੈ, ਕਿ ਗੁਰੂ ਦੇ ਦਰ ਤੇ ਆ ਕੇ ਗੁਰੂ ਦੇ ਸਬਦ ਦੁਆਰਾ ਕਿਸ ਤਰ੍ਹਾਂ ਸੋਝੀ ਪ੍ਰਾਪਤ ਕਰਨੀ ਹੈ, ਤਾਂ ਜੋ ਸਾਨੂੰ ਸਮਝ ਆ ਸਕੇ ਕਿ ਜੀਵਨ ਵਿਚ ਕੀ ਠੀਕ ਹੈ, ਤੇ ਕੀ ਗਲਤ ਹੈ। ਆਪਣੇ ਮਨ ਨੂੰ ਕਿਸ ਤਰ੍ਹਾਂ ਸਹੀ ਦਿਸ਼ਾ ਦੇਣੀ ਹੈ, ਤਾਂ ਜੋ ਜੀਵਨ ਵਿਚ ਸਚਿਆਰ ਬਣਿਆ ਜਾ ਸਕੇ। ਇਨ੍ਹਾਂ ਸਭ ਸਵਾਲਾਂ ਦੇ ਜਵਾਬ ਗੁਰਬਾਣੀ ਵਿਚ ਮਾਜੂਦ ਹਨ। ਸਿਰਫ ਲੋੜ ਹੈ, ਗੁਰੂ ਗੋਬਿੰਦ ਸਿੰਘ ਸਾਹਿਬ ਦੇ ਆਖਰੀ ਹੁਕਮ ਨੂੰ ਮੰਨਣ ਦੀ:

**ਦੋਹਰਾ: ਆਗਿਆ ਭਈ ਅਕਾਲ ਕੀ ਤਬੈ ਚਲਾਯੋ ਪੰਥ॥ ਸਬ ਸਿੱਖਨ ਕੋ ਹੁਕਮ ਹੈ ਗੁਰੂ ਮਾਨੀਓ ਗ੍ਰੰਥ॥ ਗੁਰੂ ਗ੍ਰੰਥ ਕੋ ਮਾਨੀਓ ਪ੍ਰਗਟ ਗੁਰਾਂ ਕੀ ਦੇਹ॥ ਜੋ ਪ੍ਰਭ ਕੋ ਮਿਲਬੋ ਚਹੇ ਖੋਜ ਸ਼ਬਦ ਮੈਂ ਲੇਹ॥**

ਗੁਰੂ ਗੋਬਿੰਦ ਸਿੰਘ ਸਾਹਿਬ ਨੇ ਇਸ ਹੁਕਮ ਵਿਚ ਸਪੱਸ਼ਟ ਤੌਰ ਤੇ ਕਿਹਾ ਹੈ, ਕਿ ਸਿਰਫ ਗੁਰੂ ਗਰੰਥ ਸਾਹਿਬ ਨੂੰ ਗੁਰੂ ਮੰਨਣਾ ਹੈ, ਕਿਸੇ ਹੋਰ ਗਰੰਥ, ਮਨੁੱਖ ਜਾਂ ਕਲਪਿਤ ਦੇਵੀ ਦੇਵਤੇ ਨੂੰ ਗੁਰੂ ਨਹੀਂ ਮੰਨਣਾ ਹੈ। ਆਪਣੇ ਮਨੁੱਖਾ ਜੀਵਨ ਵਿਚ ਜੋ ਵੀ ਸਿਖਿਆ ਲੈਣੀ ਹੈ, ਜਾਂ ਜਿਸ ਤਰ੍ਹਾਂ ਵੀ ਅਕਾਲ ਪੁਰਖ ਨਾਲ ਸਬੰਧ ਕਾਇਮ ਕਰਨਾ ਹੈ, ਉਸ ਸਭ ਨੂੰ ਸਬਦ ਗੁਰੂ, ਗੁਰੂ ਗਰੰਥ ਸਾਹਿਬ ਵਿਚੋਂ ਖੋਜ ਕੇ ਹੀ ਕਰਨਾ ਹੈ।

ਗੁਰਬਾਣੀ ਵਿਚ ਬਾਰ ਬਾਰ ਸਮਝਾਇਆ ਗਿਆ ਹੈ, ਕਿ ਅਕਾਲ ਪੁਰਖੁ ਦਾ ਨਾਮੁ ਤੇ ਆਤਮਕ ਜੀਵਨ ਦੇਣ ਵਾਲਾ ਅੰਮ੍ਰਿਤੁ ਪ੍ਰਾਪਤ ਕਰਨਾ ਹੈ, ਤਾਂ ਜੋ ਆਪਣੇ ਪੰਜ ਵਿਕਾਰਾਂ ਤੇ ਕਾਬੂ ਪਾਇਆ ਜਾ ਸਕੇ, ਤੇ ਕੂੜ ਦੀ ਪਾਲ ਤੋੜ ਕੇ ਸਚਿਆਰ ਬਣਿਆ ਜਾ ਸਕੇ।

ਜਪੁ ਜੀ ਸਾਹਿਬ ਵਿਚ ਹੁਕਮੁ ਦੀ ਵਰਤੋਂ ਪਹਿਲੀ, ਦੂਜੀ ਤੇ ਤੀਜੀ ਪਉੜੀ ਵਿਚ ਕੀਤੀ ਗਈ ਹੈ। ਪਰੰਤੂ ਜਪੁ ਜੀ ਸਾਹਿਬ ਵਿਚ ਨਾਮੁ ਦੀ ਵਰਤੋਂ, "ਸਤਿ ਨਾਮੁ", ਨਾਲ ਕੀਤੀ ਗਈ ਹੈ। ਤੇ ਫਿਰ ਬਾਅਦ ਵਿਚ ਚੌਥੀ ਪਉੜੀ ਵਿਚ ਹੌਲੀ ਹੌਲੀ ਆਰੰਭ ਕੀਤੀ ਗਈ ਹੈ। ਉਸ ਤੋਂ ਪਹਿਲਾਂ ੩ ਪਉੜੀਆਂ ਵਿਚ ਸਿਰਫ ਹੁਕਮੁ ਦਾ ਵਿਸਥਾਰ ਹੀ ਦਿਤਾ ਗਿਆ ਹੈ। ਨਾਮੁ ਪ੍ਰਾਪਤ ਕਰਨ ਦੇ ਤਰੀਕੇ ਦਾ ਆਰੰਭ ਚੌਥੀ ਪਉੜੀ ਵਿਚ ਕੀਤਾ ਗਿਆ ਹੈ।

**"ਅੰਮ੍ਰਿਤ ਵੇਲਾ ਸਚੁ ਨਾਉ ਵਡਿਆਈ ਵੀਚਾਰੁ ॥"**

ਜਪੁ ਜੀ ਸਾਹਿਬ ਵਿਚ ਹੁਕਮੁ ਦੀ ਵਰਤੋਂ, ਪਹਿਲੀ ਦੂਜੀ ਤੇ ਤੀਜੀ ਪਉੜੀ ਵਿਚ ਕਰਨੀ, ਤੇ ਨਾਮੁ ਦੀ ਵਿਸਥਾਰ ਪਹਿਲੀ ਵਾਰ ਚੌਥੀ ਪਉੜੀ ਤੋਂ ਆਰੰਭ ਕਰਨੀ, ਇਹੀ ਸੰਕੇਤ ਦੇਂਦੀ ਹੈ, ਕਿ ਗੁਰੂ ਸਾਹਿਬ ਪਹਿਲਾਂ ਹੁਕਮੁ ਬਾਰੇ ਸਮਝਾਣਾਂ ਚਾਹੁੰਦੇ ਹਨ, ਤੇ ਫੇਰ ਬਾਅਦ ਵਿਚ ਹੀ ਨਾਮੁ ਬਾਰੇ ਸਮਝਿਆ ਜਾ ਸਕਦਾ ਹੈ। ਇਸ ਲਈ ਜੇ ਕਰ ਅਸੀਂ ਨਾਮੁ ਬਾਰੇ ਕੁਝ ਸਮਝਣਾ ਚਾਹੁੰਦੇ ਹਾਂ, ਤਾਂ ਸਾਨੂੰ ਪਹਿਲਾਂ ਵਿਸਥਾਰ ਨਾਲ ਹੁਕਮੁ ਬਾਰੇ ਸਮਝਣਾ ਪਵੇਗਾ। ਨਾਮੁ ਸਬੰਧੀ ਡੂੰਗੇ ਭੇਦ ਤੇ ਲੋਕਾਂ ਦੇ ਸ਼ੰਕੇ ੧੯ਵੀ ਪਉੜੀ ਵਿਚ ਖੋਲੇ ਗਏ ਹਨ:

**ਅਸੰਖ ਨਾਵ ਅਸੰਖ ਥਾਵ ॥ ਅਗੰਮ ਅਗੰਮ ਅਸੰਖ ਲੋਅ ॥ ਅਸੰਖ ਕਹਹਿ ਸਿਰਿ ਭਾਰੁ ਹੋਇ ॥ ਅਖਰੀ ਨਾਮੁ ਅਖਰੀ ਸਾਲਾਹ ॥ ਅਖਰੀ ਗਿਆਨੁ ਗੀਤ ਗੁਣ ਗਾਹ ॥ ਅਖਰੀ ਲਿਖਣੁ ਬੋਲਣੁ ਬਾਣਿ ॥ ਅਖਰਾ ਸਿਰਿ ਸੰਜੋਗੁ ਵਖਾਣਿ ॥ ਜਿਨਿ ਏਹਿ ਲਿਖੇ ਤਿਸੁ ਸਿਰਿ ਨਾਹਿ ॥ ਜਿਵ ਫੁਰਮਾਏ ਤਿਵ ਤਿਵ ਪਾਹਿ ॥ ਜੇਤਾ ਕੀਤਾ ਤੇਤਾ ਨਾਉ ॥ ਵਿਣੁ ਨਾਵੈ ਨਾਹੀ ਕੋ ਥਾਉ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੯॥ (੪)**

ਮਨ ਦੀ ਸਫਾਈ ਤੇ ਸਚਿਆਰ ਬਣਨ ਦਾ ਤਰੀਕਾ ਜਪੁ ਜੀ ਸਾਹਿਬ ਦੀ ੨੦ਵੀ ਪਉੜੀ ਵਿਚ ਸਮਝਾਇਆ ਗਿਆ ਹੈ:

**ਭਰੀਐ ਹਥੁ ਪੈਰੁ ਤਨੁ ਦੇਹ ॥ ਪਾਣੀ ਧੋਤੈ ਉਤਰਸੁ ਖੇਹ ॥ ਮੂਤ ਪਲੀਤੀ ਕਪੜੁ ਹੋਇ ॥ ਦੇ ਸਾਬੂਣੁ ਲਈਐ ਓਹੁ ਧੋਇ ॥ ਭਰੀਐ ਮਤਿ ਪਾਪਾ ਕੈ ਸੰਗਿ ॥ ਓਹੁ ਧੋਪੈ ਨਾਵੈ ਕੈ ਰੰਗਿ ॥ ਪੁੰਨੀ ਪਾਪੀ ਆਖਣੁ ਨਾਹਿ ॥ ਕਰਿ ਕਰਿ ਕਰਣਾ ਲਿਖਿ ਲੈ ਜਾਹੁ ॥ ਆਪੇ ਬੀਜਿ ਆਪੇ ਹੀ ਖਾਹੁ ॥ ਨਾਨਕ ਹੁਕਮੀ ਆਵਹੁ ਜਾਹੁ ॥੨੦॥ {੪}**

ਜਿਸ ਮਨੁੱਖ ਨੇ ਸਬਦ ਗੁਰੂ ਦੀ ਸਰਨ ਵਿਚ ਆ ਕੇ ਉਸ ਅਕਾਲ ਪੁਰਖ ਨੂੰ ਸਿਮਰਿਆ ਹੈ, ਉਸ ਦੇ ਅੰਦਰ ਗੁਪਤ ਨਾਮੁ ਪਰਗਟ ਹੋ ਜਾਂਦਾ ਹੈ

**ਗੁਪਤਾ ਨਾਮੁ ਵਰਤੈ ਵਿਚਿ ਕਲਜੁਗਿ, ਘਟਿ ਘਟਿ ਹਰਿ ਭਰਪੂਰਿ ਰਹਿਆ ॥ ਨਾਮੁ ਰਤਨੁ ਤਿਨਾ ਹਿਰਦੈ ਪ੍ਰਗਟਿਆ, ਜੋ ਗੁਰ ਸਰਣਾਈ ਭਜਿ ਪਇਆ ॥੨॥ (੧੩੩੪)**

ਸਰੀਰ ਦੇ ਸਾਰੇ ਅੰਗ ਨਾਮੁ / ਹੁਕਮੁ ਅਨੁਸਾਰ ਚਲ ਰਹੇ ਹਨ, ਗੁਪਤ ਨਾਮੁ ਸਤਿਗੁਰੁ ਦੀ ਸਰਣ ਵਿਚ ਆਉਂਣ ਨਾਲ ਪ੍ਰਗਟ ਹੁੰਦਾ ਹੈ, ਭਾਵ, ਨਾਮੁ ਬਾਰੇ ਗਿਆਨ/ਸੋਝੀ ਸਤਿਗੁਰੁ ਦੁਆਰਾ ਪ੍ਰਾਪਤ ਹੁੰਦੀ ਹੈ। ਇਸ ਲਈ ਸਬਦ ਗੁਰੂ ਨੂੰ ਆਪਣੇ ਅਮਲੀ ਜੀਵਨ ਵਿਚ ਅਪਨਾਣਾ ਹੈ। ਅਸੀਂ ਆਪਣੀਆਂ ਅੱਖਾਂ ਨਾਲ ਵੇਖ ਕੇ ਅੱਖਰਾਂ ਨੂੰ ਪੜ੍ਹਦੇ ਹਾਂ, ਮੂੰਹ ਦੀ ਆਵਾਜ਼ ਰਾਹੀਂ ਅੱਖਰਾਂ ਨੂੰ ਬੋਲਦੇ ਹਾਂ, ਕੰਨਾਂ ਨਾਲ ਅੱਖਰਾਂ ਦੀ ਧੁਨ {ਆਵਾਜ਼} ਨੂੰ ਸੁਣਦੇ ਹਾਂ, ਹਿਰਦੇ ਰਾਹੀਂ ਅੱਖਰਾਂ ਨੂੰ ਯਾਦ ਕਰਦੇ ਹਾਂ। ਪਰੰਤੂ ਅਕਾਲ ਪੁਰਖੁ ਨਾਲ ਸਬੰਧ, ਸਬਦ ਗੁਰੂ ਦੁਆਰਾ ਦਿਤੀ ਗਈ ਸਿਖਿਆ ਨੂੰ, ਪੜ੍ਹ ਕੇ, ਸੁਣ ਕੇ, ਅਮਲੀ ਜੀਵਨ ਵਿਚ ਅਪਨਾ ਕੇ, ਤੇ ਸਦੀਵੀ ਸਾਂਝ ਕਾਇਮ ਕਰਨ ਨਾਲ ਹੀ ਜੋੜਿਆ ਜਾ ਸਕਦਾ ਹੈ। ਇਸ ਲਈ ਹਮੇਸ਼ਾਂ ਧਿਆਨ ਵਿਚ ਰੱਖਣਾਂ ਹੈ, ਕਿ ਅਕਾਲ ਪੁਰਖੁ ਅੱਖਰਾਂ ਦੇ ਅਧੀਨ ਨਹੀਂ ਹੈ, ਤੇ ਨਾ ਹੀ ਅਕਾਲ ਪੁਰਖੁ ਦੇ ਨਾਮੁ ਦਾ ਅੰਤ ਪਾਇਆ ਜਾ ਸਕਦਾ ਹੈ। ਜੇ ਕਰ ਅਕਾਲ ਪੁਰਖੁ ਨਾਮੁ ਨਾਲ ਜੁੜਨਾਂ ਹੈ, ਤਾਂ ਉਸ ਦੀ ਕੁਦਰਤ ਨਾਲ ਜੁੜਨਾ ਪਵੇਗਾ। ਜਦੋਂ ਮਨੁੱਖ ਨੂੰ ਸਬਦ ਗੁਰੂ ਦੁਆਰਾ ਸਮਝ ਆ ਜਾਂਦੀ ਹੈ ਤਾਂ ਉਸ ਦਾ ਸੀਸ ਆਪਣੇ ਆਪ ਉਸ ਅਕਾਲ ਪੁਰਖੁ ਅੱਗੇ ਝੁਕ ਜਾਂਦਾ ਹੈ। ਕਿਸੇ ਦੂਸਰੇ ਨੂੰ ਕਹਿਣਾਂ ਨਹੀਂ ਪੈਂਦਾਂ ਹੈ, ਕਿ ਜਾ ਕੇ ਮੱਥਾ ਟੇਕ। ਪਰੰਤੂ ਇਹ ਸਮਝ ਸਿਰਫ, ਸਬਦ ਗੁਰੂ ਨੂੰ ਆਪਣੇ ਅਮਲੀ ਜੀਵਨ ਵਿਚ ਅਪਨਾਇਆਂ ਹੀ ਆ ਸਕਦੀ ਹੈ।

ਗੁਰੂ ਦੇ ਸਬਦ ਦੇ ਦੁਆਰਾ, ਆਪਣੇ ਮਨ ਅੰਦਰੋਂ ਆਪਾ ਭਾਵ ਦੂਰ ਕਰਕੇ, ਆਪਣੇ ਸਰੀਰ ਦੇ ਸਾਰੇ ਅੰਗਾਂ ਨੂੰ ਚੰਗੇ ਮੰਦੇ ਦੀ ਪਰਖ ਸਮਝਾਂ ਕੇ ਸਹੀ ਦਿਸ਼ਾ ਦੇਣੀ ਹੈ। ਗੁਰੂ ਸਾਹਿਬਾਂ ਨੇ ਬੜੇ ਸਰਲ ਤਰੀਕੇ ਨਾਲ ਸਮਝਾਂਇਆ ਹੈ ਕਿ ਜੇਕਰ ਧਰਮ ਦੀ ਸਿਖਿਆ ਲੈਂਣਾਂ ਚਾਹੁੰਦੇ ਹਾਂ, ਤਾਂ ਸਾਨੂੰ ਕਿਤੇ ਜਾਣ ਦੀ ਲੋੜ ਨਹੀਂ, ਅਸੀਂ ਆਪਣੇ ਸਰੀਰ ਕੋਲੋ ਹੀ ਲੈ ਸਕਦੇ ਹਾਂ। ਇਹ ਸਾਰਾ ਮਨੁੱਖਾ ਸਰੀਰ ਧਰਮ ਕਮਾਉਣ ਦੀ ਥਾਂ ਹੈ, ਇਸ ਵਿਚ ਸੱਚੇ ਪ੍ਰਭੂ ਦੀ ਜੋਤਿ ਲੁਕੀ ਹੋਈ ਹੈ। ਇਸ ਸਰੀਰ ਵਿਚ ਦੈਵੀ ਗੁਣ, ਰੂਪ, ਤੇ ਗੁੱਝੇ ਲਾਲ ਰਤਨ ਲੁਕੇ ਹੋਏ ਹਨ। ਸਰੀਰ ਦਾ ਹਰੇਕ ਅੰਗ ਬਾਕੀ ਸਭ ਦੂਸਰੇ ਅੰਗਾਂ ਲਈ ਕੰਮ ਕਰਦਾ ਹੈ ਜਾਂ ਉਨ੍ਹਾਂ ਦੀ ਸਹਾਇਤਾ ਕਰਦਾ ਹੈ, ਪਰੰਤੂ ਬਦਲੇ ਵਿਚ ਕੁਝ ਨਹੀਂ ਮੰਗਦਾ ਹੈ। ਸਾਡੇ ਪੈਰ, ਸਾਰੇ ਸਰੀਰ ਨੂੰ ਇਕ ਥਾਂ ਤੋਂ ਦੂਸਰੀ ਥਾਂ ਤੇ ਲਿਜਾਂਦੇ ਹਨ, ਲੱਤਾਂ ਸਰੀਰ ਨੂੰ ਖੜਾ ਹੋਣ ਵਿਚ ਸਹਾਇਤਾ ਕਰਦੀਆਂ ਹਨ, ਮੂੰਹ ਸਰੀਰ ਅੰਦਰ ਖਾਣਾਂ ਲਿਜਾਣ ਲਈ ਸਹਾਈ ਹੁੰਦਾ ਹੈ, ਦੰਦ ਖਾਣਾਂ ਚਬਾਉਂਦੇ ਹਨ, ਤਾਂ ਜੋ ਪੇਟ ਨੂੰ ਹਜ਼ਮ ਕਰਨ ਵਿਚ ਮੁਸ਼ਕਲ ਨਾ ਹੋਵੇ, ਜੀਭ ਸੰਤਰੀ ਦਾ ਕੰਮ ਕਰਦੀ ਹੈ, ਕਿਤੇ ਸਰੀਰ ਅੰਦਰ ਗਲਤ ਪਦਾਰਥ ਨਾ ਚਲੇ ਜਾਣ, ਅੱਖਾਂ ਰਸਤਾ ਵੇਖਣ ਵਿਚ ਸਹਾਈ ਹੁੰਦੀਆਂ ਹਨ, ਕੰਨ ਸੁਣਨ ਤੇ ਸਬੰਧ ਕਾਇਮ ਕਰਨ ਲਈ ਸਹਾਈ ਹੁੰਦੇ ਹਨ, ਦਿਮਾਗ ਜੀਵਨ ਵਿਚ ਸੋਚ ਵੀਚਾਰ ਕੇ ਚਲਣ ਲਈ ਸਹਾਈ ਹੁੰਦਾਂ ਹੈ, ਆਦਿ। ਸਰੀਰ ਦਾ ਕੋਈ ਵੀ ਅੰਗ ਦੂਸਰੇ ਅੰਗਾਂ ਦੀ ਨਿੰਦਾ, ਚੁਗਲੀ ਜਾਂ ਵਿਰੋਧਤਾ ਨਹੀਂ ਕਰਦਾ ਹੈ, ਬਲਕਿ ਦੂਸਰੇ ਅੰਗਾਂ ਦੀ ਸਹਾਇਤਾ ਕਰਦਾ ਹੈ ਜਾਂ ਠੀਕ ਮਾਰਗ ਦਰਸ਼ਨ ਕਰਦਾ ਹੈ। ਸਰੀਰ ਦਾ ਹਰੇਕ ਅੰਗ ਦੂਸਰੇ ਅੰਗਾਂ ਲਈ ਬਿਨਾਂ ਕਾਮਨਾਂ ਦੇ ਸੇਵਾ ਕਰਦਾ ਹੈ। ਸਤਿਗੁਰੂ ਦੇ ਸਨਮੁਖ ਹੋ ਕੇ ਕੋਈ ਵਿਰਲਾ ਸੇਵਕ ਹੀ ਇਨ੍ਹਾਂ ਗੁਣਾਂ ਨੂੰ ਗੁਰਬਾਣੀ ਦੀ ਡੂੰਘੀ ਵਿਚਾਰ ਨਾਲ ਸਮਝ ਕੇ ਆਪਣੇ ਜੀਵਨ ਵਿਚ ਅਪਨਾਂਦਾ ਹੈ। ਜਦੋਂ ਉਹ ਸੇਵਕ ਇਹ

ਲਾਲ ਰਤਨ ਲੱਭ ਲੈਂਦਾ ਹੈ, ਤਾਂ ਉਹ ਇਕ ਅਕਾਲ ਪੁਰਖ ਨੂੰ ਸਾਰੀ ਸ੍ਰਿਸ਼ਟੀ ਵਿਚ ਰਵਿਆ ਹੋਇਆ ਪਛਾਣ ਲੈਂਦਾ ਹੈ, ਜਿਵੇਂ ਤਾਣੇ ਤੇ ਪੇਟੇ ਵਿਚ ਇੱਕੋ ਸੂਤਰ ਹੁੰਦਾ ਹੈ। ਇਸੇ ਤਰ੍ਹਾਂ ਉਹ ਸੇਵਕ ਸਾਰੇ ਸੰਸਾਰ ਵਿਚ ਇਕ ਅਕਾਲ ਪੁਰਖ ਨੂੰ ਹੀ ਵੇਖਦਾ ਹੈ, ਤੇ ਇਕ ਅਕਾਲ ਪੁਰਖ ਤੇ ਹੀ ਭਰੋਸਾ ਰੱਖਦਾ ਹੈ ਤੇ ਆਪਣੇ ਕੰਨਾਂ ਨਾਲ ਇਕ ਅਕਾਲ ਪੁਰਖ ਦੀਆਂ ਸਿਫਤ ਸਾਲਾਹ ਦੀਆਂ ਗੱਲਾਂ ਹੀ ਸੁਣਦਾ ਹੈ।

**ਮਃ ੪ ॥ ਪਉੜੀ ॥ ਇਹੁ ਸਰੀਰੁ ਸਭੁ ਧਰਮੁ ਹੈ ਜਿਸੁ ਅੰਦਰਿ ਸਚੇ ਕੀ ਵਿਚਿ ਜੋਤਿ ॥ ਗੁਹਜ ਰਤਨ ਵਿਚਿ ਲੁਕਿ ਰਹੇ ਕੋਈ ਗੁਰਮੁਖਿ ਸੇਵਕੁ ਕਢੈ ਖੋਤਿ ॥ ਸਭੁ ਆਤਮ ਰਾਮੁ ਪਛਾਣਿਆ ਤਾਂ ਇਕੁ ਰਵਿਆ ਇਕੋ ਓਤਿ ਪੋਤਿ ॥ ਇਕੁ ਦੇਖਿਆ ਇਕੁ ਮੰਨਿਆ ਇਕੋ ਸੁਣਿਆ ਸ੍ਰਵਣ ਸਰੋਤਿ ॥ ਜਨ ਨਾਨਕ ਨਾਮੁ ਸਲਾਹਿ ਤੂ ਸਚੁ ਸਚੇ ਤੇਰੀ ਹੋਤਿ ॥੧੬॥ {੩੦੯, ੩੧੦}**

ਹੁਣ ਸਵਾਲ ਪੈਦਾ ਹੁੰਦਾ ਹੈ, ਕਿ ਅਕਾਲ ਪੁਰਖੁ ਦੇ ਹੁਕਮੁ ਨੂੰ ਕਿਸ ਤਰ੍ਹਾਂ ਪਛਾਨਣਾ ਤੇ ਉਸ ਲਈ ਕੀ ਕਰਨਾ ਹੈ? ਪਰਾਇਆ ਰੂਪ ਤਕਣ ਦੀ ਵਾਦੀ ਵਲੋਂ ਇਨ੍ਹਾਂ ਅੱਖਾਂ ਨੂੰ ਹਟਾ ਕੇ ਜਗਤ ਵਿੱਚ ਅਕਾਲ ਪੁਰਖੁ ਨੂੰ ਵੇਖਣਾ ਹੈ। ਨਿੰਦਾ ਸੁਣਨ ਦੀ ਵਾਦੀ ਤੋਂ ਹਟਾ ਕੇ ਕੰਨ ਨੂੰ ਸੱਚ ਸੁਣਨ ਲਈ ਵਰਤਣਾ ਹੈ। ਪੈਰਾਂ ਨੂੰ ਮੰਦੇ ਪਾਸੇ ਵਲ ਦੌੜਨ ਤੋਂ ਰੋਕਣਾ ਹੈ। ਹੱਥਾਂ ਨੂੰ ਪਰਾਇਆ ਨੁਕਸਾਨ ਕਰਨ ਤੋਂ ਰੋਕਣਾ ਹੈ। ਜੀਭ ਨੂੰ ਕਿਸੇ ਦੀ ਨਿੰਦਾ ਕਰਨ ਦੀ ਵਾਦੀ ਤੋਂ ਹਟਾਉਣਾ ਹੈ। ਇਸ ਤਰ੍ਹਾਂ ਜਿਉਂਦਿਆਂ ਹੋਇਆ ਵੀ ਮਰਨਾ ਹੈ। ਇਸ ਤਰ੍ਹਾਂ ਪ੍ਰਭੂ ਦਾ ਹੁਕਮੁ ਪਛਾਣ ਕੇ ਉਸ ਨੂੰ ਮਿਲਿਆ ਜਾ ਸਕਦਾ ਹੈ। ਭਾਵ ਪ੍ਰਭੂ ਵਲੋਂ ਦਿਤੀਆਂ ਅੱਖਾਂ, ਕੰਨਾਂ, ਪੈਰਾਂ, ਹੱਥਾਂ, ਜੀਭ ਆਦਿਕ ਸਭ ਇੰਦ੍ਰਿਆਂ ਨੂੰ ਗੁਰਬਾਣੀ ਵਿੱਚ ਦੱਸੇ ਗਏ ਮਾਰਗ ਅਨੁਸਾਰ ਵਰਤਣਾ ਹੈ।

**ਸਲੋਕੁ ਮਃ ੨ ॥ ਅਖੀ ਬਾਝਹੁ ਵੇਖਣਾ ਵਿਣੁ ਕੰਨਾ ਸੁਨਣਾ ॥ ਪੈਰਾ ਬਾਝਹੁ ਚਲਣਾ ਵਿਣੁ ਹਥਾ ਕਰਣਾ ॥ ਜੀਭੈ ਬਾਝਹੁ ਬੋਲਣਾ ਇਉ ਜੀਵਤ ਮਰਣਾ ॥ ਨਾਨਕ ਹੁਕਮੁ ਪਛਾਣਿ ਕੈ ਤਉ ਖਸਮੈ ਮਿਲਣਾ ॥੧॥ {੧੩੯}**

ਗੁਰਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਸੁਣਨੀ ਹੈ, ਗੁਰਬਾਣੀ ਅਨੁਸਾਰ ਆਪਣੀ ਸੋਚ ਬਦਲਣੀ ਹੈ, ਤੇ ਆਪਣੇ ਕਰਮਾਂ ਦੁਆਰਾ ਅਮਲੀ ਰੂਪ ਵਿਚ ਗੁਰਬਾਣੀ ਉਚਾਰਨੀ ਹੈ।

ਪਉੜੀ ॥ ਤੂ ਵੇਪਰਵਾਹੁ ਅਥਾਹੁ ਹੈ ਅਤੁਲੁ ਕਿਉ ਤੁਲੀਐ ॥ ਸੇ ਵਡਭਾਗੀ ਜਿ ਤੁਧੁ ਧਿਆਇਦੇ ਜਿਨ ਸਤਿਗੁਰੁ ਮਿਲੀਐ ॥ ਸਤਿਗੁਰ ਕੀ ਬਾਣੀ ਸਤਿ ਸਰੂਪੁ ਹੈ ਗੁਰਬਾਣੀ ਬਣੀਐ ॥ ਸਤਿਗੁਰ ਕੀ ਰੀਸੈ ਹੋਰਿ ਕਚੁ ਪਿਚੁ ਬੋਲਦੇ ਸੇ ਕੂੜਿਆਰ ਕੂੜੇ ਝੜਿ ਪੜੀਐ ॥ ਓਨ੍ਹਾ ਅੰਦਰਿ ਹੋਰੁ ਮੁਖਿ ਹੋਰੁ ਹੈ ਬਿਖੁ ਮਾਇਆ ਨੋ ਝਖਿ ਮਰਦੇ ਕੜੀਐ ॥੯॥ {੩੦੪}

ਕਿਸੇ ਵੀ ਮਨੁੱਖ ਦਾ ਬਾਰ ਬਾਰ ਦੁਨਿਆਵੀ ਨਾਂ ਲਈ ਜਾਣ ਨਾਲ, ਉਸ ਬਾਰੇ ਜਾਂ ਉਸ ਦੇ ਗੁਣਾਂ ਬਾਰੇ ਕੁਝ ਪਤਾ ਨਹੀਂ ਲਗ ਸਕਦਾ। ਇਸੇ ਤਰ੍ਹਾਂ ਆਪਣੀ ਭਾਸ਼ਾ ਵਿਚ ਅਕਾਲ ਪੁਰਖੁ ਦਾ ਕੋਈ ਨਾਂ ਨੀਯਤ ਕਰਨ ਨਾਲ ਤੇ ਉਸ ਦੇ ਨਾਂ ਨੂੰ ਬਾਰ ਬਾਰ ਦੁਹਰਾਈ ਜਾਣ ਨਾਲ ਅਕਾਲ ਪੁਰਖੁ ਦੇ ਗੁਣਾਂ ਤੇ ਸਮੱਰਥਾ ਬਾਰੇ ਕੁਝ ਪਤਾ ਨਹੀਂ ਲਗ ਸਕਦਾ ਹੈ। ਅਸੀਂ ਜਦੋਂ ਵੀ ਕਿਸੇ ਨਾਲ ਸਾਂਝ ਕਾਇਮ ਕਰਨੀ ਹੁੰਦੀ ਹੈ, ਤਾਂ ਅਸੀਂ ਉਸ ਬਾਰੇ ਪੂਰੀ ਜਾਣਕਾਰੀ ਹਾਸਲ ਕਰਦੇ ਹਾਂ, ਕਿ ਉਸ ਨੂੰ ਕੀ ਚੰਗਾ ਲਗਦਾ ਹੈ ਤੇ ਕੀ ਮਾੜਾ ਲਗਦਾ ਹੈ। ਉਸ ਵਰਗੇ ਗੁਣ, ਆਦਤਾਂ ਤੇ ਸੋਚ ਬਣਾਉਂਦੇ ਹਾਂ। ਅਸੀਂ ਕੰਮ ਵੀ ਉਹੋ ਜਿਹੇ ਕਰਦੇ ਹਾਂ, ਜੋ ਉਸ ਨੂੰ ਚੰਗੇ ਲਗਦੇ ਹਨ। ਠੀਕ ਉਸੇ ਤਰ੍ਹਾਂ ਜੇ ਕਰ ਅਸੀਂ ਵੀ ਅਕਾਲ ਪੁਰਖੁ ਨਾਲ ਸਾਂਝ ਕਾਇਮ ਕਰਨੀ ਚਾਹੁੰਦੇ ਹਾਂ, ਤਾਂ ਸਾਨੂੰ ਅਕਾਲ ਪੁਰਖੁ ਬਾਰੇ ਪੂਰੀ ਜਾਣਕਾਰੀ ਹਾਸਲ ਕਰਨੀ ਪਵੇਗੀ, ਕਿ ਉਸ ਨੂੰ ਕਿਹੜੇ ਕਰਮ ਠੀਕ ਲਗਦੇ ਹਨ, ਉਸ ਦੀ ਰਚੀ ਹੋਈ ਕੁਦਰਤ ਦਾ ਸਤਿਕਾਰ ਕਰਨਾ ਪਵੇਗਾ, ਉਸ ਦੇ ਹੁਕਮੁ ਨੂੰ ਪਛਾਨਣਾਂ ਪਵੇਗਾ, ਤੇ ਉਸ ਦੀ ਰਜ਼ਾ ਅਨੁਸਾਰ ਚਲਣਾ ਪਵੇਗਾ। ਸਾਨੂੰ ਆਪਣੇ ਅੰਦਰ ਅਕਾਲ ਪੁਰਖੁ ਵਰਗੇ ਗੁਣ ਪੈਦਾ ਕਰਨੇ ਪੈਣਗੇ, ਆਪਣੀ ਸੋਚ ਅਕਾਲ ਪੁਰਖੁ ਵਰਗੀ ਬਣਾਉਣੀ ਪਵੇਗੀ। ਇਹੀ ਕਾਰਨ ਹੈ ਕਿ ਗੁਰੂ ਸਾਹਿਬਾਂ ਨੇ ਅਕਾਲ ਪੁਰਖੁ ਦਾ ਕੋਈ ਵੀ ਇਕ ਅਖਰੀ ਨਾਂ ਨੀਯਤ ਨਹੀਂ ਕੀਤਾ ਹੈ ਤੇ ਨਾ ਹੀ ਗੁਰਬਾਣੀ ਵਿਚ ਏਕਾ ਸ਼ਬਦੀ {ਇਕ ਸਬਦ ਨੂੰ ਬਾਰ ਬਾਰ ਦੁਹਰਾਈ ਜਾਣਾ} ਵਾਲਿਆ ਨੂੰ ਪਰਵਾਨ ਕੀਤਾ ਗਿਆ ਹੈ।

**ਨਾਦੀ ਬੇਦੀ ਸਬਦੀ ਮੋਨੀ ਜਮ ਕੇ ਪਟੈ ਲਿਖਾਇਆ ॥੨॥ {੬੫੪-੬੫੫}**

ਜਿਆਦਾ ਤਰ ਲੋਕ ਇਹੀ ਸਮਝਦੇ ਹਨ, ਕਿ ਕੁਝ ਰਵਾਇਤਾਂ ਪੂਰੀਆਂ ਕਰਨ ਨਾਲ ਜਾਂ ਕਰਮ ਕਾਂਡ ਕਰਨ ਨਾਲ, ਅਕਾਲ ਪੁਰਖੁ ਨੂੰ ਖੁਸ਼ ਕੀਤਾ ਜਾ ਸਕਦਾ ਹੈ। ਕਈ ਐਸੇ ਲੋਕ ਵੀ ਹਨ, ਜੋ ਕਿ ਜੋਗ ਸਾਧਨਾਂ ਵਿਚ ਲੱਗੇ ਰਹਿੰਦੇ ਹਨ, ਕਈ ਚਰਚਾ ਕਰਨ ਵਿਚ, ਕਈ ਤੀਰਥ ਇਸ਼ਨਾਨ ਜਾਂ ਦਾਨ ਕਰਨਾ ਠੀਕ ਸਮਝਦੇ ਹਨ। ਕਈਆਂ ਨੇ ਇਕ ਅੱਖਰ ਨੂੰ ਬਾਰ ਬਾਰ ਦੁਹਰਾਈ ਜਾਣ ਨੂੰ ਹੀ ਨਾਮੁ ਜਪਣਾ ਕਹਿਣਾਂ ਸ਼ੁਰੂ ਕਰ ਦਿਤਾ ਹੈ। ਸੋਚਿਆ ਜਾਵੇ ਕਿ ਇਕ ਅੱਖਰ ਦਾ ਘੋਟਾ ਲਾਣ ਨਾਲ, ਕਿਸ ਤਰ੍ਹਾਂ ਕੋਈ ਵਿਸ਼ਾ ਜਾਂ ਪੂਰੀ ਕਿਤਾਬ ਨੂੰ ਸਮਝਿਆ ਜਾ ਸਕਦਾ ਹੈ। ਜੇ ਕਰ ਪੂਰੀ ਕਿਤਾਬ ਬਾਰੇ ਜਾਨਣਾ ਚਾਹੁੰਦੇ ਹਾਂ, ਤਾਂ ਸਾਨੂੰ ਪੂਰੀ ਕਿਤਾਬ ਨੂੰ ਹੀ ਪੜ੍ਹਨਾਂ, ਸਮਝਣਾ ਤੇ ਵੀਚਾਰਨਾ ਪਵੇਗਾ। ਇਸੇ ਤਰ੍ਹਾਂ ਜੇ ਕਰ ਅਸੀਂ ਅਕਾਲ ਪੁਰਖੁ ਨਾਲ ਸਾਂਝ ਪੈਦਾ ਕਰਨਾ ਚਾਹੁੰਦੇ ਹਾਂ ਤਾਂ ਸਾਨੂੰ ਵੀ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਦੀ ਸਹਾਇਤਾ ਨਾਲ ਅਕਾਲ ਪੁਰਖੁ ਬਾਰੇ ਪੂਰੀ ਤਰ੍ਹਾਂ ਜਾਣਕਾਰੀ ਹਾਸਲ ਕਰਨੀ ਪਵੇਗੀ। ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਵਿਚ ਜੁੜਿਆਂ ਹੀ ਸਦਾ ਕਾਇਮ ਰਹਿਣ ਵਾਲੀ ਇੱਜ਼ਤ ਮਿਲ ਸਕਦੀ ਹੈ। ਅਕਾਲ ਪੁਰਖੁ ਦਾ ਨਾਮੁ ਜਪਣ ਤੋਂ ਬਿਨਾ ਕੋਈ ਮਨੁੱਖ ਪੰਜ ਵਿਕਾਰਾਂ ਤੋਂ ਖ਼ਲਾਸੀ ਨਹੀਂ ਪਾ ਸਕਦਾ ਹੈ। ਅਕਾਲ ਪੁਰਖੁ ਨੇ ਐਸਾ ਨਿਯਮ ਬਣਾਇਆ ਹੈ, ਕਿ ਗੁਰੂ ਦੀ ਸ਼ਰਨ ਵਿਚ ਆਉਂਣ ਤੋਂ ਬਿਨਾ ਕੋਈ ਮਨੁੱਖ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਨਹੀਂ ਕਰ ਸਕਦਾ ਹੈ।

**ਸਚੈ ਸਬਦਿ ਸਚੀ ਪਤਿ ਹੋਈ ॥ ਬਿਨੁ ਨਾਵੈ ਮੁਕਤਿ ਨ ਪਾਵੈ ਕੋਈ ॥ ਬਿਨੁ ਸਤਿਗੁਰ ਕੋ ਨਾਉ ਨ ਪਾਏ ਪ੍ਰਭਿ ਐਸੀ ਬਣਤ ਬਣਾਈ ਹੇ ॥੯॥ {੧੦੪੬}**

ਅਕਾਲ ਪੁਰਖੁ ਆਪ ਸਭ ਨੂੰ ਆਸਰਾ ਦੇਣ ਵਾਲਾ ਹੈ, ਇਸ ਲਈ ਕਿਸੇ ਮਨੁੱਖ ਦਾ ਓਟ ਤੇ ਆਸਰਾ ਰੱਖਣਾ ਵਿਅਰਥ ਹੈ। ਜਿਹੜਾ ਮਨੁੱਖ ਗੁਣਾਂ ਦੇ ਖ਼ਜ਼ਾਨੇ ਤੇ ਚਿੰਤਾ ਰਹਿਤ ਅਕਾਲ ਪੁਰਖੁ ਨੂੰ ਮਿਲ ਲੈਂਦਾ ਹੈ, ਉਸ ਦੇ ਅੰਦਰੋਂ ਦੁਨੀਆਂ ਦੀ ਹਰੇਕ ਤਰ੍ਹਾਂ ਦੀ ਚੀਜ ਲਈ ਆਸ ਤੇ ਚਿੰਤਾ ਮੁੱਕ ਜਾਂਦੀ ਹੈ। ਇਸ ਜਗਤ ਦੀ ਰਚਨਾ ਕਰਨ ਵਾਲਾ ਸਿਰਫ ਅਕਾਲ ਪੁਰਖੁ ਆਪ ਹੀ ਹੈ। ਜਿਹੜਾ ਮਨੁੱਖ ਅਕਾਲ ਪੁਰਖੁ ਨੂੰ ਆਪਣੇ ਹਿਰਦੇ ਵਿਚ ਯਾਦ ਰੱਖਦਾ ਹੈ, ਗੁਰੂ ਉਸ ਨੂੰ ਆਨੰਦ ਦੇਣ ਵਾਲੇ ਅਕਾਲ ਪੁਰਖੁ ਦੇ ਦਰਸ਼ਨ ਕਰਾ ਦੇਂਦਾ ਹੈ। ਜਦੋਂ ਹੋਰ ਸਾਰੇ ਸਹਾਰੇ ਮੁੱਕ ਜਾਣ, ਤਾਂ ਅੰਤ ਨੂੰ ਅਕਾਲ ਪੁਰਖੁ ਹੀ ਰੱਖਿਆ ਕਰ ਸਕਣ ਵਾਲਾ ਹੈ। ਸਭਨਾਂ ਦੇ ਚਰਨਾਂ ਦੀ ਧੂੜ ਬਣ ਕੇ ਅਤੇ ਆਪਣੇ ਅੰਦਰੋਂ ਹੰਕਾਰ ਦੂਰ ਕਰ ਕੇ ਹੀ ਅਕਾਲ ਪੁਰਖੁ ਨੂੰ ਮਿਲਿਆ ਜਾ ਸਕਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ, ਕਿ ਸਿਰਫ਼ ਅਕਾਲ ਪੁਰਖੁ ਦਾ ਨਾਮੁ ਯਾਦ ਕਰਿਆ ਕਰ, ਸਦਾ ਅਕਾਲ ਪੁਰਖੁ ਦੇ ਗੁਣ ਗਾਇਆ ਕਰ। ਤੇਰਾ ਇਹ ਮਨੁੱਖਾ ਜਨਮ ਸਫਲ ਕਰਨ ਦਾ ਕਾਰਜ, ਇਕ ਦਿਨ ਜ਼ਰੂਰ ਪੂਰਾ ਹੋਵੇਗਾ ਤੇ ਇਸ ਕਾਰਜ ਦਾ ਤੈਨੂੰ ਫਲ ਜ਼ਰੂਰ ਮਿਲੇਗਾ।

**ਏਕੋ ਨਾਮੁ ਧਿਆਇ ਮਨ ਮੇਰੇ ॥ ਕਾਰਜੁ ਤੇਰਾ ਹੋਵੈ ਪੂਰਾ ਹਰਿ ਹਰਿ ਹਰਿ ਗੁਣ ਗਾਇ ਮਨ ਮੇਰੇ ॥੧॥ ਰਹਾਉ ॥ {੯੯੬}**

ਮਨੁੱਖ ਦਾ ਮਨ ਹਮੇਸ਼ਾਂ ਭਟਕਦਾ ਰਹਿੰਦਾ ਹੈ, ਇਸ ਲਈ ਆਤਮਕ ਅਡੋਲਤਾ ਵਿਚ ਟਿਕ ਕੇ ਹੀ ਅਕਾਲ ਪੁਰਖੁ ਦੇ ਗੁਣ ਗਾਏ ਜਾ ਸਕਦੇ ਹਨ, ਤੇ ਉਸ ਦੀ ਸਿਫ਼ਤਿ-ਸਾਲਾਹ ਕੀਤੀ ਜਾ ਸਕਦੀ ਹੈ। ਗੁਰੂ ਦੀ ਮਤਿ ਉੱਤੇ ਚਲ ਕੇ ਹੀ ਅਕਾਲ ਪੁਰਖੁ ਦੇ ਨਾਮੁ ਦਾ ਰਸ ਪੀਤਾ ਜਾ ਸਕਦਾ ਹੈ। ਜਦੋਂ ਗੁਰੂ ਦੇ ਸ਼ਬਦ ਨਾਲ ਸਾਂਝ ਪਾ ਕੇ ਮਨੁੱਖ ਦਾ ਮਨ ਪਵਿਤਰ ਹੋ ਜਾਂਦਾ ਹੈ, ਤਾਂ ਉਹ ਮਨੁੱਖ ਅਕਾਲ ਪੁਰਖੁ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਗੁਰੂ ਦੀ ਮਤਿ ਅਨੁਸਾਰ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਤੇ ਆਪਣੇ ਆਪ ਨੂੰ ਨੀਚ ਤੋਂ ਇਕ ਉੱਤਮ ਮਨੁੱਖ ਬਣਾ ਲੈਂਦਾ ਹੈ। ਜਿਹੜੇ ਮਨੁੱਖ ਗੁਰੂ ਦੀ ਮਤਿ ਅਨੁਸਾਰ ਚਲ ਕੇ ਸ੍ਰੇਸ਼ਟ ਮੱਤ ਹਾਸਲ ਕਰ ਲੈਂਦੇ ਹਨ, ਉਹ ਵਿਕਾਰਾਂ ਵਾਲਾ ਜ਼ਹਿਰ ਪੀਣ ਦੀ ਬਜਾਏ, ਅੰਮ੍ਰਿਤ ਰੂਪੀ ਬਾਣੀ ਦਾ ਆਨੰਦ ਮਾਣਦੇ ਰਹਿੰਦੇ ਹਨ, ਉਨ੍ਹਾਂ ਦੇ ਅੰਦਰ ਸੱਚੇ ਤੇ ਸੁੱਚੇ ਆਤਮਕ ਜੀਵਨ ਦੀ ਸੁਗੰਧੀ ਆ ਵਸਦੀ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਅਕਸਰ ਕੁਰਾਹੇ ਪਏ ਰਹਿੰਦੇ ਹਨ, ਤੇ ਆਤਮਕ ਮੌਤ ਲਿਆਉਣ ਵਾਲੇ ਵਿਕਾਰਾਂ ਦੇ ਜ਼ਹਿਰ ਵਿਚ ਮਸਤ ਰਹਿੰਦੇ ਹਨ, ਜਿਸ ਕਰਕੇ ਉਹ ਆਪਣਾ ਕੀਮਤੀ ਮਨੁੱਖ ਜਨਮ ਗਵਾਂ ਲੈਂਦੇ ਹਨ। ਅਜੇਹੇ ਮਨੁੱਖਾਂ ਨੂੰ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨ ਵਾਲਾ ਗੁਰੂ ਦਾ ਸ਼ਬਦ ਚੰਗਾ ਨਹੀਂ ਲੱਗਦਾ। ਮੂੰਹ ਨਾਲ ਬਾਹਰੋਂ ਬਾਹਰੋਂ ਤਾਂ ਹਰੇਕ ਮਨੁੱਖ ਅਕਾਲ ਪੁਰਖੁ ਦਾ ਦੁਨਿਆਵੀ ਨਾਂ ਉਚਾਰ ਲੈਂਦਾ ਹੈ, ਪਰੰਤੂ, ਕੋਈ ਵਿਰਲੇ ਹੀ ਹੁੰਦੇ ਹਨ, ਜਿਹੜੇ ਕਿ ਸਬਦ ਗੁਰੂ ਦੁਆਰਾ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਦੇ ਹਨ। ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਅਕਾਲ ਪੁਰਖੁ ਦਾ ਨਾਮੁ ਵੱਸ ਜਾਂਦਾ ਹੈ, ਉਹ ਮਨੁੱਖ ਵਿਕਾਰਾਂ ਤੋਂ ਖ਼ਲਾਸੀ ਪ੍ਰਾਪਤ ਕਰ ਲੈਂਦੇ ਹਨ। ਇਸ ਲਈ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਣ ਲਈ ਸਾਨੂੰ ਧਿਆਨ ਨਾਲ, ਆਪਣੇ ਆਪ ਨੂੰ ਟਿਕਾਉ ਵਿਚ ਲਿਆ ਕੇ, ਗੁਰਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨੀ ਚਾਹੀਦੀ ਹੈ, ਤਾਂ ਜੋ ਅਸੀਂ ਅਕਾਲ ਪੁਰਖੁ ਬਾਰੇ ਜਾਣ ਸਕੀਏ, ਤੇ ਉਸ ਦੀ ਰਚੀ ਹੋਈ ਕੁਦਰਤ ਲਈ ਆਪਣੇ ਅੰਦਰ ਪ੍ਰੇਮ ਪੈਦਾ ਕਰ ਸਕੀਏ।

**ਵਾਹੁ ਵਾਹੁ ਸਹਜੇ ਗੁਣ ਰਵੀਜੈ ॥ ਰਾਮ ਨਾਮੁ ਇਸੁ ਜੁਗ ਮਹਿ ਦੁਲਭੁ ਹੈ ਗੁਰਮਤਿ ਹਰਿ ਰਸੁ ਪੀਜੈ ॥੧॥ ਰਹਾਉ ॥**
**ਮੁਖਹੁ ਹਰਿ ਹਰਿ ਸਭੁ ਕੋ ਕਰੈ ਵਿਰਲੈ ਹਿਰਦੈ ਵਸਾਇਆ ॥ ਨਾਨਕ ਜਿਨ ਕੈ ਹਿਰਦੈ ਵਸਿਆ ਮੋਖ ਮੁਕਤਿ ਤਿਨ੍ ਪਾਇਆ ॥੮॥੨॥ {੫੬੫}**

ਜਿਹੜਾ ਮਨੁੱਖ ਸਦਾ ਕਾਇਮ ਰਹਿਣ ਵਾਲੇ ਅਕਾਲ ਪੁਰਖੁ ਦਾ ਨਾਮੁ ਗੁਰੂ ਪਾਸੋਂ ਸੁਣ ਕੇ ਆਪਣੇ ਮਨ ਵਿਚ ਵਸਾਂਦਾ ਹੈ, ਉਸ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ, ਕਿ ਇਹ ਸਾਰਾ ਜਗਤ ਜੋ ਸਾਨੂੰ ਦਿਖਾਈ ਦੇ ਰਿਹਾ ਹੈ, ਉਹ ਅਕਾਲ ਪੁਰਖੁ ਨੇ ਆਪ ਹੀ ਆਪਣੇ ਆਪ ਤੋਂ ਪੈਦਾ ਕੀਤਾ ਹੈ, ਮਾਇਆ ਦਾ ਮੋਹ ਵੀ ਅਕਾਲ ਪੁਰਖੁ ਨੇ ਆਪਣੇ ਹੁਕਮੁ ਵਿਚ ਹੀ ਬਣਾਇਆ ਹੈ। ਅਕਾਲ ਪੁਰਖੁ ਆਪ ਹੀ ਇਹ ਸਾਰੇ ਖੇਲ ਕਰ ਰਿਹਾ ਹੈ ਤੇ ਕਰਵਾ ਰਿਹਾ ਹੈ। ਅਕਾਲ ਪੁਰਖੁ ਦੀ ਮਿਹਰ ਨਾਲ ਜਿਸ ਮਨੁੱਖ ਨੂੰ ਗੁਰੂ ਮਿਲ ਜਾਂਦਾ ਹੈ, ਫਿਰ ਗੁਰੂ ਦੀ ਸ਼ਰਨ ਵਿਚ ਆਉਂਣ ਸਦਕਾ ਉਸ ਨੂੰ ਇਹ ਸ੍ਰੇਸ਼ਟ ਤੇ ਉੱਤਮ ਕੰਮ ਕਰਨ ਲਈ ਮਿਲ ਜਾਂਦਾ ਹੈ, ਕਿ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਈ ਰੱਖੇ। ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਦੀ ਬਾਣੀ ਆ ਵਸਦੀ ਹੈ, ਉਹ ਇਸ ਬਾਣੀ ਦੀ ਸਹਾਇਤਾ ਨਾਲ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਕਰ ਲੈਂਦਾ ਹੈ।

**ਗੁਰ ਸੇਵਾ ਤੇ ਕਰਣੀ ਸਾਰ ॥ ਰਾਮ ਨਾਮੁ ਰਾਖਹੁ ਉਰਿ ਧਾਰ ॥ ਗੁਰਬਾਣੀ ਵਰਤੀ ਜਗ ਅੰਤਰਿ ਇਸੁ ਬਾਣੀ ਤੇ ਹਰਿ ਨਾਮੁ ਪਾਇਦਾ ॥੩॥ {੧੦੬੬}**

ਗੁਰੂ ਸਾਹਿਬ ਨੇ ਇਸ ਸਬਦ "**ਗੁਰਬਾਣੀ ਵਰਤੀ ਜਗ ਅੰਤਰਿ ਇਸੁ ਬਾਣੀ ਤੇ ਹਰਿ ਨਾਮੁ ਪਾਇਦਾ**" ਵਿਚ ਬਿਲਕੁਲ ਸਿੱਧੇ ਤੇ ਸਪੱਸ਼ਟ ਤਰੀਕੇ ਨਾਲ ਸਮਝਾਇਆ ਹੈ, ਕਿ ਅਕਾਲ ਪੁਰਖੁ ਦਾ ਨਾਮੁ ਗੁਰਬਾਣੀ ਦੁਆਰਾ ਹੀ ਪਾਇਆ ਜਾ ਸਕਦਾ ਹੈ। ਜਿਹੜਾ ਮਨੁੱਖ ਪੂਰੇ ਗੁਰੂ ਦਾ ਧਿਆਨ ਧਰਦਾ ਹੈ, ਉਸ ਉੱਤੇ ਮਾਲਕ ਅਕਾਲ ਪੁਰਖੁ ਦਇਆਵਾਨ ਹੁੰਦਾ ਹੈ ਤੇ, ਉਹ ਮਨੁੱਖ ਅਕਾਲ ਪੁਰਖੁ ਦੇ ਹੁਕਮੁ ਤੇ ਰਜਾ ਵਿਚ ਰਹਿੰਣ ਲਗ ਪੈਂਦਾ ਹੈ। ਅਕਾਲ ਪੁਰਖੁ ਦੀ ਸ਼ਰਨ ਵਿਚ ਆਣ ਸਦਕਾ ਮਨੁੱਖ ਦੇ ਸਾਰੇ ਡਰ ਦੂਰ ਹੋ ਜਾਂਦੇ ਹਨ, ਸਾਰੇ ਦੁਖ ਖਤਮ ਹੋ ਜਾਂਦੇ ਹਨ, ਉਹ ਸਦਾ ਆਤਮਕ ਆਨੰਦ ਮਾਣਦਾ ਰਹਿੰਦਾ ਹੈ। ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਸਾਰੇ ਸੁਖਾਂ ਦਾ ਖ਼ਜ਼ਾਨਾ, ਭਾਵ ਨਾਮੁ ਜਪਣਾ ਦ੍ਰਿੜ ਕਰ ਦਿੱਤਾ, ਉਸ ਦੀਆਂ ਸਾਰੀਆਂ ਚਿੰਤਾਵਾਂ ਦੂਰ ਹੋ ਜਾਂਦੀਆਂ ਹਨ। ਜਿਸ ਮਨੁੱਖ ਦੀ ਰੱਖਿਆ ਗੁਰੂ ਆਪ ਕਰਦਾ ਹੈ, ਉਸ ਮਨੁੱਖ ਨੂੰ ਆਤਮਕ ਜੀਵਨ ਦੇ ਰਸਤੇ ਵਿਚ ਕੋਈ ਰੁਕਾਵਟ ਨਹੀਂ ਆਉਂਦੀ। ਅਕਾਲ ਪੁਰਖੁ ਅੱਗੇ ਹਮੇਸ਼ਾਂ ਇਹੀ ਬੇਨਤੀ ਕਰਨੀ ਹੈ, ਕਿ ਤੂੰ ਮੇਰਾ ਮਾਲਕ ਹੈ, ਤੇ ਤੂੰ

ਹੀ ਮੈਨੂੰ ਸਾਰੀਆਂ ਦਾਤਾਂ ਦੇਣ ਵਾਲਾ ਹੈ। ਦੀਨਾਂ ਉਤੇ ਦਇਆ ਕਰਨ ਵਾਲੇ ਅਕਾਲ ਪੁਰਖੁ ਅੱਗੇ ਇਹੀ ਅਰਦਾਸ ਕਰਨੀ ਹੈ, ਕਿ ਮੇਰੇ ਉਤੇ ਮੇਹਰ ਕਰੋ, ਕਿ ਮੈਂ ਆਪ ਜੀ ਦੇ ਪ੍ਰੇਮ ਦੇ ਰੰਗ ਵਿਚ ਲੀਨ ਹੋ ਕੇ ਗੁਰਬਾਣੀ ਦੁਆਰਾ ਅਕਾਲ ਪੁਰਖੁ ਗੁਣ ਗਾਇਨ ਕਰਦਾ ਰਹਾਂ।

**ਸੋਰਠਿ ਮਹਲਾ ੫ ॥ ਪ੍ਰਭ ਕੀ ਸਰਣਿ ਸਗਲ ਭੈ ਲਾਥੇ ਦੁਖ ਬਿਨਸੇ ਸੁਖੁ ਪਾਇਆ ॥ ਦਇਆਲੁ ਹੋਆ ਪਾਰਬ੍ਰਹਮੁ ਸੁਆਮੀ ਪੂਰਾ ਸਤਿਗੁਰੁ ਧਿਆਇਆ ॥੧॥ ਪ੍ਰਭ ਜੀਉ ਤੂ ਮੇਰੋ ਸਾਹਿਬੁ ਦਾਤਾ ॥ ਕਰਿ ਕਿਰਪਾ ਪ੍ਰਭ ਦੀਨ ਦਇਆਲਾ ਗੁਣ ਗਾਵਉ ਰੰਗਿ ਰਾਤਾ ॥ ਰਹਾਉ ॥ {੬੧੫-੬੧੬}**

ਗੁਰੂ ਦੇ ਸਬਦ ਦੇ ਦੁਆਰਾ, ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਕਰਕੇ, ਆਪਣੇ ਮਨ ਅੰਦਰ ਨਿਰਮਲ ਭਉ, ਭਾਉ, ਪ੍ਰੇਮ ਤੇ ਭਾਵਨਾਂ ਪੈਦਾ ਕਰਨੀ ਹੈ, ਤਾਂ ਜੋ ਆਪਣੇ ਦਿਮਾਗ ਦੇ ਅੰਦਰ ਲੁਕੇ ਦਸਵੇਂ ਦੁਆਰ ਨੂੰ ਵੇਖਣ ਦਾ ਤਰੀਕਾ ਸਿਖਿਆ ਜਾ ਸਕੇ।

ਅਕਾਲ ਪੁਰਖੁ ਦੇ ਹੁਕਮੁ ਨੂੰ ਬੁਝਣ ਲਈ ਅਤੇ ਉਸ ਅਨੁਸਾਰ ਚਲਣ ਲਈ ਸਾਨੂੰ ਆਪਣੇ ਅੰਦਰ ਅਕਾਲ ਪੁਰਖੁ ਵਰਗੇ ਗੁਣ ਪੈਦਾ ਕਰਨੇ ਜਰੂਰੀ ਹਨ। ਸੰਖੇਪ ਵਿਚ ਅਕਾਲ ਪੁਰਖੁ ਦੇ ਗੁਣ ਹਨ।

**ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ {੧}।**

ਇਨ੍ਹਾਂ ਵਿਚੋਂ "ੴ", "ਸਤਿ ਨਾਮੁ", "ਕਰਤਾ", "ਪੁਰਖੁ", "ਅਕਾਲ ਮੂਰਤਿ", "ਅਜੂਨੀ", "ਸੈਭੰ" ਵਾਲੇ ਗੁਣ ਜੋ ਕਿ ਅਕਾਲ ਪੁਰਖੁ ਦੇ ਹਨ, ਉਹ ਮਨੁੱਖ ਦੇ ਨਹੀਂ ਹੋ ਸਕਦੇ ਹਨ। ਪਰੰਤੂ, ਉਸ ਵਰਗਾ ਹੋਣ ਲਈ ਉਪਰਾਲਾ ਕੀਤਾ ਸਕਦਾ ਹੈ। **"ਨਿਰਭਉ ਅਤੇ ਨਿਰਵੈਰੁ"** ਵਾਲੇ ਗੁਣ, ਜੋ ਕਿ ਅਕਾਲ ਪੁਰਖੁ ਦੇ ਹਨ, ਉਹ ਮਨੁੱਖ ਦੇ ਵੀ ਹੋ ਸਕਦੇ ਹਨ। ਇਸ ਲਈ ਮਨੁੱਖ ਨੂੰ **ਨਿਰਭਉ ਅਤੇ ਨਿਰਵੈਰੁ** ਹੋਣ ਬਹੁਤ ਜਰੂਰੀ ਹੈ। ਇਸ ਲਈ ਨਾ ਕਿਸੇ ਨੂੰ ਡਰਾਉਣਾਂ ਹੈ ਅਤੇ ਨਾ ਹੀ ਕਿਸੇ ਤੋਂ ਡਰਨਾਂ ਹੈ। ਇਹ ਸਿਖਿਆ ਗੁਰੂ ਤੇਗ ਬਹਾਦਰ ਸਾਹਿਬ ਨੇ ਸਪੱਸ਼ਟ ਤੌਰ ਤੇ ਗੁਰਬਾਣੀ ਵਿੱਚ ਦਿਤੀ ਹੈ।

**ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ ॥ ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ ॥੧੬॥ {੧੪੨੭}**

ਵੈਸੇ ਗਿਆਨੀ ਦੀ ਡਿਗਰੀ ਕਿਤਾਬਾ ਪੜ੍ਹ ਕੇ ਯੂਨੀਵਰਸਟੀ ਕੋਲੋ ਲਈ ਜਾ ਸਕਦੀ ਹੈ, ਪਰੰਤੂ ਆਪਣੇ ਅੰਦਰ ਨਿਰਭਉ ਤੇ ਨਿਰਵੈਰ ਦੇ ਗੁਣ ਪੈਦਾ ਕੀਤੇ ਬਿਨਾ, ਗੁਰੂ ਸਾਹਿਬ ਕੋਲੋ ਗਿਆਨੀ ਦੀ ਡਿਗਰੀ ਨਹੀਂ ਮਿਲ ਸਕਦੀ ਹੈ। ਕੁਝ ਪੜ੍ਹਨ ਤੋਂ ਬਾਅਦ, ਜੇ ਕਰ ਨਾਮੁ ਵੇਚਣਾ ਸ਼ੁਰੂ ਕਰ ਦਈਏ ਤਾਂ ਗੁਰੂ ਦੀ ਬਖਸ਼ਿਸ਼ ਨਹੀਂ ਮਿਲ ਸਕਦੀ, ਪਰੰਤੂ ਜੇ ਕਰ ਨਾਮੁ ਨਾਲ ਜੁੜ ਗਏ ਤਾਂ ਸਭ ਕੁਝ ਪ੍ਰਾਪਤ ਕਰ ਸਕਦੇ ਹਾਂ। ਦੁਨਿਆਵੀ ਲੋਕਾਂ ਨੂੰ ਕਈ ਤਰ੍ਹਾਂ ਦੇ ਡਰ ਹੁੰਦੇ ਹਨ। ਗਰੀਬ ਨੂੰ ਪਦਾਰਥ ਮੁੱਕ ਜਾਣ ਦਾ ਡਰ, ਬੇਰੁਜਗਾਰੀ ਦਾ ਡਰ, ਮਧ ਵਰਗ ਦੇ ਲੋਕਾਂ ਨੂੰ ਦੁਖਾਂ, ਕਸ਼ਟਾਂ ਤੇ ਮੌਤ ਦਾ ਡਰ, ਧੀ, ਪੁੱਤਰ ਸਾਥ ਨਾ ਛੱਡ ਦੇਣ, ਅਮੀਰਾਂ ਨੂੰ ਅਪਮਾਨ ਦਾ ਡਰ, ਧਨ ਦੀ ਕਮੀਂ। ਕਈਆਂ ਨੂੰ ਰੱਬ ਦਾ ਨਾਮ ਲੈਣ ਦਾ ਸਮਾਂ ਨਾ ਮਿਲੇ ਤਾਂ ਵੀ ਡਰ ਜਾਂ ਵਹਿਮ ਪੈਦਾ ਹੋ ਜਾਂਦਾ ਹੈ। ਜੇ ਕਰ ਅਕਾਲ ਪੁਰਖੁ ਦਾ ਡਰ, ਭਾਵ, ਅਦਬ-ਸਤਿਕਾਰ ਮਨੁੱਖ ਦੇ ਹਿਰਦੇ ਵਿਚ ਪੈਦਾ ਹੋ ਜਾਏ ਤਾਂ ਦੁਨੀਆਂ ਵਾਲਾ ਡਰ ਦਿਲੋਂ ਦੂਰ ਹੋ ਜਾਂਦਾ ਹੈ। ਪਰੰਤੂ, ਜੇ ਕਰ ਮਨੁੱਖ ਪ੍ਰਭੂ ਦਾ ਡਰ, ਆਪਣੇ ਮਨ ਵਿਚ ਨਾ ਵਸਾਏ ਤਾਂ ਦੁਨੀਆ ਵਾਲਾ ਡਰ ਮੁੜ ਆ ਚੰਬੜਦਾ ਹੈ। ਪ੍ਰਭੂ ਦਾ ਡਰ ਹਿਰਦੇ ਵਿਚ ਵਸਾ ਕੇ ਜਿਹੜਾ ਮਨੁੱਖ ਨਿਰਭਉ ਹੋ ਗਿਆ, ਉਸ ਦੇ ਮਨ ਦੇ ਸਭ ਡਰ ਨੱਸ ਜਾਂਦੇ ਹਨ।

**ਡਡਾ ਡਰ ਉਪਜੇ ਡਰੁ ਜਾਈ ॥ ਤਾ ਡਰ ਮਹਿ ਡਰੁ ਰਹਿਆ ਸਮਾਈ ॥ ਜਉ ਡਰ ਡਰੈ ਤਾ ਫਿਰਿ ਡਰੁ ਲਾਗੈ ॥ ਨਿਡਰ ਹੂਆ ਡਰੁ ਉਰ ਹੋਇ ਭਾਗੈ ॥੧੯॥ {੩੪੧}**

ਆਮ ਤੌਰ ਤੇ ਭਉ {ਡਰ} ਦੋ ਤਰ੍ਹਾਂ ਦੇ ਹਨ, ਭਉ ਅਤੇ ਨਿਰਮਲ ਭਉ। ਆਮ ਭਉ ਜਿਸ ਤਰ੍ਹਾਂ ਪੁਲੀਸ, ਕਾਨੂੰਨ, ਸਰਕਾਰ ਦਾ ਡਰ ਆਦਿ। ਇਸ ਵਿੱਚ ਸਤਿਕਾਰ ਜਾਂ ਪ੍ਰੇਮ ਨਹੀਂ ਹੁੰਦਾ ਹੈ। ਉਸਤਾਦ ਅਤੇ ਵਿਦਿਆਰਥੀ ਦਾ ਰਿਸ਼ਤਾ ਨਿਰਮਲ ਭਉ ਦਾ ਹੁੰਦਾ ਹੈ, ਜਿਸ ਵਿੱਚ ਹੁਕਮ ਮੰਨਣਾ ਤੇ ਸਤਿਕਾਰ ਦੋਵੇਂ ਸ਼ਾਮਲ ਹੁੰਦੇ ਹਨ। ਪਿਤਾ ਅਤੇ ਪੁੱਤਰ ਦਾ ਰਿਸ਼ਤਾ ਵੀ ਨਿਰਮਲ ਭਉ ਦਾ ਹੁੰਦਾ ਹੈ। ਇਸ ਲਈ ਸਿੱਖ ਨੇ ਅਕਾਲ ਪੁਰਖੁ ਨਾਲ ਨਿਰਮਲ ਭਉ ਦਾ ਰਿਸ਼ਤਾ ਕਾਇਮ ਕਰਨਾ ਹੈ। ਪ੍ਰਭ ਪਿਤਾ ਦੀ ਆਗਿਆ ਦਾ ਪਾਲਨ ਪ੍ਰੇਮ ਤੇ ਸਤਿਕਾਰ ਸਹਿਤ ਕਰਨਾ ਹੈ।

**ਭਉ ਨ ਵਿਆਪੈ ਤੇਰੀ ਸਰਣਾ ॥ ਜੋ ਤੁਧੁ ਭਾਵੈ ਸੋਈ ਕਰਣਾ ॥੧॥ ਰਹਾਉ ॥ {੧੯੨}**

ਇਸ ਲਈ ਜਰੂਰੀ ਹੋ ਜਾਂਦਾ ਹੈ ਕਿ ਗੁਰਬਾਣੀ ਰਾਹੀਂ ਉਸ ਅਕਾਲ ਪੁਰਖੁ ਨੂੰ ਹਮੇਸ਼ਾਂ ਆਪਣੇ ਹਿਰਦੇ ਵਿੱਚ ਵਸਾ ਕੇ ਰੱਖਿਆ ਜਾਵੇ। ਅਕਾਲ ਪੁਰਖੁ ਦੇ ਹੁਕਮੁ ਤੇ ਰਜਾ ਅਨੁਸਾਰ ਚਲਿਆ ਜਾਵੇ। ਜਿਸ ਤਰ੍ਹਾਂ ਬੱਚਾ ਆਪਣੇ ਪਿਤਾ ਨਾਲ ਨਿਡੱਰ ਹੋ ਕੇ ਚਲਦਾ ਹੈ, ਠੀਕ ਉਸੇ ਤਰ੍ਹਾਂ ਮਨੁੱਖ ਗੁਰੂ ਦੀ ਮਿਹਰ ਸਦਕਾ, ਅਕਾਲ ਪੁਰਖੁ ਨੂੰ ਆਪਣਾ ਪਿਤਾ ਬਣਾ ਕੇ ਇਸ ਦੁਨੀਆਂ ਵਿੱਚ ਨਿਡੱਰ ਹੋ ਕੇ ਵਿਚਰ ਸਕਦਾ ਹੈ।

**ਆਸਾ ਘਰੁ ੭ ਮਹਲਾ ੫ ॥ ਹਰਿ ਕਾ ਨਾਮੁ ਰਿਦੈ ਨਿਤ ਧਿਆਈ ॥ ਸੰਗੀ ਸਾਥੀ ਸਗਲ ਤਰਾਂਈ ॥੧॥ ਗੁਰੁ ਮੇਰੈ ਸੰਗਿ ਸਦਾ ਹੈ ਨਾਲੇ ॥ ਸਿਮਰਿ ਸਿਮਰਿ ਤਿਸੁ ਸਦਾ ਸਮ੍ਹਾਲੇ ॥੧॥ ਰਹਾਉ ॥ ਤੇਰਾ ਕੀਆ ਮੀਠਾ ਲਾਗੈ ॥ ਹਰਿ ਨਾਮੁ ਪਦਾਰਥੁ ਨਾਨਕੁ ਮਾਂਗੈ ॥੨॥੪੨॥੯੩॥ {੩੯੪}**

ਇਸ ਕਲੇਸ਼ਾਂ ਭਰੇ ਸੰਸਾਰ ਵਿਚ ਅਕਾਲ ਪੁਰਖੁ ਦਾ ਨਾਮੁ ਹੀ ਸਾਰੇ ਡਰ ਨਾਸ ਕਰਨ ਵਾਲਾ ਹੈ ਅਤੇ ਖੋਟੀ ਮੱਤ ਦੂਰ ਕਰਨ ਵਾਲਾ ਹੈ। ਜਿਹੜਾ ਮਨੁੱਖ ਪ੍ਰਭੂ ਦਾ ਨਾਮੁ, ਰਾਤ ਦਿਨ ਹਿਰਦੇ ਵਿੱਚ ਵਸਾ ਕੇ ਰੱਖਦਾ ਹੈ, ਉਸ ਦੇ ਸਾਰੇ ਕੰਮ ਨੇਪਰੇ ਚੜ੍ਹ ਜਾਂਦੇ ਹਨ।

**ਭੈ ਨਾਸਨ ਦੁਰਮਤਿ ਹਰਨ ਕਲਿ ਮੈ ਹਰਿ ਕੋ ਨਾਮੁ ॥ ਨਿਸਿ ਦਿਨੁ ਜੋ ਨਾਨਕ ਭਜੈ ਸਫਲ ਹੋਹਿ ਤਿਹ ਕਾਮ ॥੨੦॥ {੧੪੨੭}**

ਗੁਰੂ ਦੇ ਦਰ ਤੇ ਆ ਕੇ, ਗੁਰੂ ਦੇ ਸਬਦ ਦੇ ਦੁਆਰਾ ਅਜੇਹੀ ਸਿਖਿਆ ਲੈਣੀ ਹੈ, ਜਿਸ ਦੁਆਰਾ ਅਸੀਂ ਆਪਣੀ ਮਾਇਆ ਵਾਲੀ ਤ੍ਰਿਸ਼ਨਾ ਮਿਟਾ ਸਕੀਏ, ਅਸੀਂ ਅਕਾਲ ਪੁਰਖੁ ਨੂੰ ਪਿਆਰੇ ਲਗ ਸਕੀਏ, ਸਤਿਗੁਰੂ ਦੁਆਰਾ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਸਕੀਏ।

ਇਸ ਸੰਸਾਰ ਵਿਚ ਜੋ ਕੁਝ ਵੀ ਅਸੀਂ ਵੇਖ ਰਹੇ ਹਾਂ, ਉਹ ਸਭ ਕੁਝ ਅਕਾਲ ਪੁਰਖ ਦੇ ਨਾਮੁ ਤੋਂ ਹੀ ਪੈਦਾ ਹੁੰਦਾ ਹੈ ਤੇ ਆਤਮਕ ਜੀਵਨ ਵੀ ਅਕਾਲ ਪੁਰਖ ਦੇ ਨਾਮੁ ਦੁਆਰਾ ਹੀ ਮਿਲਦਾ ਹੈ, ਪਰੰਤੂ ਗੁਰੂ ਦੀ ਸ਼ਰਨ ਵਿਚ ਆਉਂਣ ਤੋਂ ਬਿਨਾ ਨਾਮੁ ਦੀ ਕਦਰ ਨਹੀਂ ਪਤਾ ਲਗਦੀ। ਗੁਰੂ ਦਾ ਸਬਦ ਬਹੁਤ ਜਿਆਦਾ ਰਸ ਵਾਲਾ ਹੈ ਤੇ ਮਿੱਠਾ ਹੈ, ਪਰੰਤੂ ਜਿਤਨਾ ਚਿਰ ਇਸ ਸਬਦ ਨੂੰ ਚੱਖਿਆ ਨਾ ਜਾਏ, ਇਸ ਦੇ ਸੁਆਦ ਦਾ ਪਤਾ ਨਹੀਂ ਲੱਗਦਾ। ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੁਆਰਾ ਆਪਣੇ ਆਤਮਕ ਜੀਵਨ ਨੂੰ ਨਹੀਂ ਪਛਾਣਦਾ, ਉਹ ਆਪਣੇ ਇਸ ਕੀਮਤੀ ਮਨੁੱਖਾ ਜਨਮ ਨੂੰ ਕੌਡੀ ਦੇ ਬਦਲੇ ਵਿਅਰਥ ਗਵਾ ਲੈਂਦਾ ਹੈ। ਜਦੋਂ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ, ਤਾਂ ਉਹ ਇਕ ਅਕਾਲ ਪੁਰਖ ਨਾਲ ਡੂੰਘੀ ਸਾਂਝ ਪਾਂ ਲੈਂਦਾ ਹੈ, ਤੇ, ਫਿਰ ਉਸ ਨੂੰ ਹਉਮੈ ਦਾ ਦੁਖ ਸਤਾ ਨਹੀਂ ਸਕਦਾ। ਗੁਰੂ ਸਾਹਿਬ ਸਮਝਾਂਦੇ ਹਨ, ਕਿ ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਹੜਾ ਸ਼ਰਨ ਵਿਚ ਆਏ ਮਨੁੱਖ ਦੀ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖ ਨਾਲ ਪ੍ਰੀਤ ਜੋੜ ਦੇਂਦਾ ਹੈ। ਗੁਰੂ ਦੇ ਸ਼ਬਦ ਨਾਲ ਸਾਂਝ ਪਾ ਕੇ ਮਨੁੱਖ ਦਾ ਆਤਮਕ ਜੀਵਨ ਚਮਕ ਪੈਂਦਾ ਹੈ, ਮਨੁੱਖ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ। ਗੁਰੂ ਦੀ ਸ਼ਰਨ ਪੈਣ ਵਾਲਾ ਮਨੁੱਖ ਗੁਰੂ ਦੇ ਸ਼ਬਦ ਨੂੰ ਹਮੇਸ਼ਾਂ ਗਾਇਨ ਕਰਦਾ ਰਹਿੰਦਾ ਹੈ, ਸਮਝਦਾ ਰਹਿੰਦਾ ਹੈ, ਤੇ ਵਿਚਾਰਦਾ ਰਹਿੰਦਾ ਹੈ। ਅਜੇਹੇ ਮਨੁੱਖ ਦਾ ਮਨ ਤੇ ਸਰੀਰ ਦਾ ਹਰੇਕ ਅੰਗ, ਗੁਰੂ ਦੀ ਬਰਕਤ ਨਾਲ, ਇਕ ਨਵੀਂ ਆਤਮਕ ਸੋਚ ਅਨੁਸਾਰ ਚਲਦਾ ਹੈ, ਤੇ ਉਹ ਗੁਰੂ ਦੀ ਸ਼ਰਨ ਵਿਚ ਆਉਂਣ ਸਦਕਾ ਆਪਣੇ ਸਾਰੇ ਕੰਮ ਸਵਾਰ ਲੈਂਦਾ ਹੈ। ਪਰੰਤੂ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਰਹਿੰਦਾ ਹੈ, ਉਹ ਸਦਾ ਅੰਨ੍ਹਿਆਂ ਵਾਲੇ ਕੰਮ ਕਰਦਾ ਰਹਿੰਦਾ ਹੈ, ਤੇ ਜਗਤ ਵਿਚ ਉਹ ਉਹੀ ਖੱਟੀ ਖੱਟਦਾ ਹੈ, ਜਿਹੜੀ ਉਸ ਦੇ ਆਤਮਕ ਜੀਵਨ ਲਈ ਜ਼ਹਿਰ ਬਣ ਜਾਂਦੀ ਹੈ। ਸਬਦ ਗੁਰੂ ਦੀ ਸ਼ਰਨ ਵਿਚ ਆਉਂਣ ਤੋਂ ਬਿਨਾ ਅਜੇਹਾ ਮਨੁੱਖ ਮਾਇਆ ਦੇ ਮੋਹ ਵਿਚ ਫਸ ਕੇ ਸਦਾ ਦੁਖ ਸਹਾਰਦਾ ਰਹਿੰਦਾ ਹੈ।

**ਨਾਮੈ ਹੀ ਤੇ ਸਭੁ ਕਿਛੁ ਹੋਆ ਬਿਨੁ ਸਤਿਗੁਰ ਨਾਮੁ ਨ ਜਾਪੈ ॥ ਗੁਰ ਕਾ ਸਬਦੁ ਮਹਾ ਰਸੁ ਮੀਠਾ ਬਿਨੁ ਚਾਖੇ ਸਾਦੁ ਨ ਜਾਪੈ ॥ ਕਉਡੀ ਬਦਲੈ ਜਨਮੁ ਗਵਾਇਆ ਚੀਨਸਿ ਨਾਹੀ ਆਪੈ ॥ ਗੁਰਮੁਖਿ ਹੋਵੈ ਤਾ ਏਕੋ ਜਾਣੈ ਹਉਮੈ ਦੁਖੁ ਨ ਸੰਤਾਪੈ ॥੧॥ ਬਲਿਹਾਰੀ ਗੁਰ ਅਪਣੇ ਵਿਟਹੁ ਜਿਨਿ ਸਾਚੇ ਸਿਉ ਲਿਵ ਲਾਈ ॥ ਸਬਦੁ ਚੀਨ੍ਹਿ ਆਤਮੁ ਪਰਗਾਸਿਆ ਸਹਜੇ ਰਹਿਆ ਸਮਾਈ ॥੧॥ ਰਹਾਉ ॥ {੭੫੩, ੭੫੪}**

ਪਰਵਾਰ ਵਿਚ ਨਵੇਂ ਜੰਮੇ ਬਾਲ ਨੂੰ ਲਾਡ ਪਿਆਰ ਕਰਨ ਨਾਲ, ਉਸ ਦੀ ਅਕਾਲ ਪੁਰਖੁ ਦੇ ਚਰਨਾਂ ਨਾਲੋਂ ਪ੍ਰੀਤ ਟੁੱਟ ਜਾਂਦੀ ਹੈ, ਤੇ ਮਾਇਆ ਦੀ ਤ੍ਰਿਸ਼ਨਾ ਆ ਚੰਬੜਦੀ ਹੈ, ਮਾਇਆ ਉਸ ਉਤੇ ਆਪਣਾ ਜ਼ੋਰ ਪਾ ਲੈਂਦੀ ਹੈ। ਇਸ ਮਾਇਆ ਕਰਕੇ ਅਕਾਲ ਪੁਰਖੁ ਤੋਂ ਦੂਰੀ ਵਧ ਜਾਂਦੀ ਹੈ, ਤੇ ਮਨੁੱਖ ਦੇ ਮਨ ਉਪਰ ਪੰਜ ਵਿਕਾਰ ਹਾਵੀ ਹੋ ਜਾਂਦੇ ਹਨ। ਉਨ੍ਹਾਂ ਵਿਕਾਰਾਂ ਉਪਰ ਸਿਰਫ ਸਤਿਗੁਰੁ ਦੀ ਸਹਾਇਤਾ ਨਾਲ, ਅਕਾਲ ਪੁਰਖੁ ਦੇ ਨਾਮੁ ਦੁਆਰਾ ਹੀ ਕਾਬੂ ਕੀਤਾ ਜਾ ਸਕਦਾ ਹੈ।

**ਜੈਸੀ ਅਗਨਿ ਉਦਰ ਮਹਿ ਤੈਸੀ ਬਾਹਰਿ ਮਾਇਆ ॥ ਮਾਇਆ ਅਗਨਿ ਸਭ ਇਕੋ ਜੇਹੀ ਕਰਤੈ ਖੇਲੁ ਰਚਾਇਆ ॥ ਜਾ ਤਿਸੁ ਭਾਣਾ ਤਾ ਜੰਮਿਆ ਪਰਵਾਰਿ ਭਲਾ ਭਾਇਆ ॥ ਲਿਵ ਛੁੜਕੀ ਲਗੀ ਤ੍ਰਿਸਨਾ ਮਾਇਆ ਅਮਰੁ ਵਰਤਾਇਆ ॥ ਏਹ ਮਾਇਆ ਜਿਤੁ ਹਰਿ ਵਿਸਰੈ ਮੋਹੁ ਉਪਜੈ ਭਾਉ ਦੂਜਾ ਲਾਇਆ ॥ ਕਹੈ ਨਾਨਕੁ ਗੁਰ ਪਰਸਾਦੀ ਜਿਨਾ ਲਿਵ ਲਾਗੀ ਤਿਨੀ ਵਿਚੇ ਮਾਇਆ ਪਾਇਆ ॥੨੯॥ {੯੨੧}**

ਗੁਰਬਾਣੀ {ਸਤਿਗੁਰੂ} ਦੁਆਰਾ ਗੁਰਸਿੱਖ {ਸੇਵਕ} ਦਾ ਅਕਾਲ ਪੁਰਖੁ ਦੇ ਨਾਮੁ ਨਾਲ ਸਦੀਵੀ ਰਿਸ਼ਤਾ ਕਾਇਮ ਹੋ ਜਾਂਦਾ ਹੈ। ਫਿਰ ਸਤਿਗੁਰੂ ਆਪਣੇ ਸਿੱਖ ਦੀ ਹਮੇਸ਼ਾਂ ਰੱਖਿਆ ਕਰਦਾ ਰਹਿੰਦਾ ਹੈ, ਤੇ ਆਪਣੇ ਸੇਵਕ ਉਤੇ ਸਦਾ ਮੇਹਰ ਦੀ ਨਜ਼ਰ ਕਰਦਾ ਰਹਿੰਦਾ ਹੈ। ਸਿੱਖ ਆਪਣੇ ਸਤਿਗੁਰੂ ਦੇ ਉਪਦੇਸ਼ ਦੁਆਰਾ ਅਕਾਲ ਪੁਰਖੁ ਦਾ ਨਾਮੁ ਹਮੇਸ਼ਾਂ ਚੇਤੇ ਕਰਦਾ ਰਹਿੰਦਾ ਹੈ, ਜਿਸ ਸਦਕਾ ਸਤਿਗੁਰੂ ਆਪਣੇ ਸਿੱਖ ਦੇ ਮਨ ਅੰਦਰੋਂ ਭੈੜੀ ਮਤਿ ਨਾਲ ਲੱਗੀ ਹੋਈ ਮੈਲ ਦੂਰ ਕਰ ਦੇਂਦਾ ਹੈ। ਸਤਿਗੁਰੂ ਆਪਣੇ ਸਿੱਖ ਦੇ ਮਾਇਆ ਦੇ ਬੰਧਨ ਕੱਟ ਦੇਂਦਾ ਹੈ, ਜਿਸ ਸਦਕਾ ਗੁਰੂ ਦਾ ਸਿੱਖ ਵਿਕਾਰਾਂ ਵਲੋਂ ਹਟ ਜਾਂਦਾ ਹੈ। ਸਤਿਗੁਰੂ ਆਪਣੇ ਸਿੱਖ ਨੂੰ ਅਕਾਲ ਪੁਰਖੁ ਦਾ ਨਾਮੁ ਰੂਪੀ ਧਨ ਦੇਂਦਾ ਹੈ ਤੇ ਇਸ ਤਰ੍ਹਾਂ ਸਤਿਗੁਰੂ ਦਾ ਸਿੱਖ ਵੱਡੇ ਭਾਗਾਂ ਵਾਲਾ ਬਣ ਜਾਂਦਾ ਹੈ। ਸਤਿਗੁਰੂ ਆਪਣੇ ਸਿੱਖ ਦਾ ਵਰਤਮਾਨ ਤੇ ਭਵਿੱਖ ਦੋਹਾਂ ਨੂੰ ਸਵਾਰ ਦੇਂਦਾ ਹੈ ਤੇ ਸਤਿਗੁਰੂ ਵੀ ਆਪਣੇ ਸਿੱਖ ਨੂੰ ਆਪਣੀ ਜਿੰਦ ਦੇ ਨਾਲ ਸਦਾ ਯਾਦ ਰੱਖਦਾ ਹੈ।

**ਅਸਟਪਦੀ ॥ ਸਤਿਗੁਰੁ ਸਿਖ ਕੀ ਕਰੈ ਪ੍ਰਤਿਪਾਲ ॥ ਸੇਵਕ ਕਉ ਗੁਰੁ ਸਦਾ ਦਇਆਲ ॥ ਸਿਖ ਕੀ ਗੁਰੁ ਦੁਰਮਤਿ ਮਲੁ ਹਿਰੈ ॥ ਗੁਰ ਬਚਨੀ ਹਰਿ ਨਾਮੁ ਉਚਰੈ ॥ ਸਤਿਗੁਰੁ ਸਿਖ ਕੇ ਬੰਧਨ ਕਾਟੈ ॥ ਗੁਰ ਕਾ ਸਿਖੁ ਬਿਕਾਰ ਤੇ ਹਾਟੈ ॥ ਸਤਿਗੁਰੁ ਸਿਖ ਕਉ ਨਾਮ ਧਨੁ ਦੇਇ ॥ ਗੁਰ ਕਾ ਸਿਖੁ ਵਡਭਾਗੀ ਹੇ ॥ ਸਤਿਗੁਰੁ ਸਿਖ ਕਾ ਹਲਤੁ ਪਲਤੁ ਸਵਾਰੈ ॥ ਨਾਨਕ ਸਤਿਗੁਰੁ ਸਿਖ ਕਉ ਜੀਅ ਨਾਲਿ ਸਮਾਰੈ ॥੧॥ {੨੮੬}**

ਜਿਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਅਕਾਲ ਪੁਰਖੁ ਦਾ ਨਾਮੁ ਯਾਦ ਕਰਦਾ ਰਹਿੰਦਾ ਹੈ, ਉਸ ਦੇ ਮਨ ਤੇ ਤਨ ਦੀਆਂ ਸਾਰੀਆਂ ਇੱਛਾਂਵਾਂ ਪੂਰੀਆਂ ਹੋ ਜਾਂਦੀਆਂ ਹਨ, ਉਸ ਦੇ ਦਿਲ ਵਿਚੋਂ ਜਮ ਦਾ ਸਾਰਾ ਡਰ ਨਿਕਲ ਜਾਂਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ, ਕਿ ਅਕਾਲ ਪੁਰਖੁ ਦਾ ਨਾਮੁ ਜਪਣ ਲਈ ਸ਼ਬਦ ਗੁਰੂ ਦੁਆਰਾ ਉਸ ਦੇ ਗੁਣ ਗਾਇਨ ਕਰਿਆ ਕਰੇ। ਜਿਸ ਮਨੁੱਖ ਉਤੇ ਗੁਰੂ ਦਇਆਵਾਨ ਹੋ ਜਾਂਦਾ ਹੈ, ਉਸ ਦਾ ਮਨ ਮਾਇਆ ਦੇ ਮੋਹ ਦੀ ਨੀਂਦ ਵਿਚੋਂ ਜਾਗ ਪੈਂਦਾ ਹੈ, ਉਹ ਮਨੁੱਖ ਅਕਾਲ ਪੁਰਖੁ ਦੇ ਨਾਮੁ ਦਾ ਰਸ ਬੜੇ ਸੁਆਦਾ ਨਾਲ ਪੀਣ ਲਗ ਪੈਂਦਾ ਹੈ। ਅਕਾਲ ਪੁਰਖੁ ਦਾ ਨਾਮੁ ਹਰੇਕ ਤਰ੍ਹਾਂ ਦੇ ਸੁਖ ਦੇਣ ਵਾਲਾ ਹੈ, ਪਰੰਤੂ ਗੁਰੂ ਦੀ ਮਤਿ ਅਨੁਸਾਰ ਚਲ ਕੇ ਹੀ ਅਕਾਲ ਪੁਰਖੁ ਦੇ ਨਾਮੁ ਦਾ ਸੁਆਦ ਮਾਣਿਆ ਜਾ ਸਕਦਾ ਹੈ। ਇਸ ਲਈ ਹਮੇਸ਼ਾਂ ਗੁਰੂ ਦੇ ਸਬਦ ਦੁਆਰਾ ਅਕਾਲ ਪੁਰਖੁ ਦਾ ਨਾਮੁ ਯਾਦ ਕਰਨਾ ਚਾਹੀਦਾ ਹੈ।

**ਮਨਿ ਰਾਮ ਨਾਮੁ ਆਰਾਧਿਆ ਗੁਰ ਸਬਦਿ ਗੁਰੂ ਗੁਰ ਕੇ ॥ ਸਭਿ ਇਛਾ ਮਨਿ ਤਨਿ ਪੂਰੀਆ ਸਭੁ ਚੂਕਾ ਡਰੁ ਜਮ ਕੇ ॥੧॥ ਮੇਰੇ ਮਨ ਗੁਣ ਗਾਵਹੁ ਰਾਮ ਨਾਮ ਹਰਿ ਕੇ ॥ ਗੁਰਿ ਤੁਠੈ ਮਨੁ ਪਰਬੋਧਿਆ ਹਰਿ ਪੀਆ ਰਸੁ ਗਟਕੇ ॥੧॥ ਰਹਾਉ ॥ {੭੩੧}**

ਗੁਰੂ ਗ੍ਰੰਥ ਸਾਹਿਬ ਵਿਚ ਕਸੁੰਭੜੇ ਦੀ ਉਦਾਹਰਣ ਮਾਇਆ ਲਈ ਕੀਤੀ ਗਈ ਹੈ, ਤੇ ਮਜੀਠ ਦੀ ਨਾਮੁ ਲਈ। ਕਸੁੰਭੜੇ ਦੇ ਫੁੱਲ ਦਾ ਰੰਗ ਵੇਖਣ ਨੂੰ ਤਾਂ ਬੜਾ ਸੋਹਣਾ ਹੁੰਦਾ ਹੈ, ਪਰੰਤੂ, ਛੇਤੀ ਹੀ ਖ਼ਰਾਬ ਹੋ ਜਾਂਦਾ ਹੈ, ਇਸ ਦੇ ਮੁਕਾਬਲੇ ਵਿਚ ਮਜੀਠ ਦਾ ਰੰਗ ਪੱਕਾ ਹੁੰਦਾ ਹੈ, ਤੇ ਨਿਕਲਦਾ ਨਹੀਂ। ਲੋਕਾਂ ਨੂੰ ਮਾਇਆ ਬਹੁਤ ਚੰਗੀ ਲਗਦੀ ਹੈ, ਪਰੰਤੂ, ਉਸ ਦਾ ਸਾਥ ਸਿਰਫ ਚਾਰ ਦਿਨ ਦਾ ਹੀ ਹੈ, ਤੇ, ਨਾਮੁ ਧਨ ਐਸਾ ਹੈ, ਜੋ ਕਿ ਸਦਾ ਨਾਲ ਨਿਭਣ ਵਾਲਾ ਹੈ। ਜਿਹੜਾ ਮਨੁੱਖ ਬੇੜਾ ਤਿਆਰ ਕਰਨ ਵਾਲੀ ਉਮਰੇ {ਭਾਵ ਬਚਪਨ ਤੇ ਜੁਆਨੀ ਵਿਚ} ਨਾਮੁ ਰੂਪੀ ਬੇੜਾ ਨਾ ਤਿਆਰ ਕਰ ਸਕਿਆ, ਤੇ, ਜਦੋਂ ਸਰੋਵਰ ਨਕਾ ਨਕ ਭਰ ਕੇ ਬਾਹਰ ਉਛਲਣ ਲੱਗ ਪੈਂਦਾ ਹੈ, ਭਾਵ ਜੀਵਨ ਵਿਚ ਮੁਸ਼ਕਲ ਦਾ ਸਮਾਂ ਜਾਂ ਅੰਤ ਦਾ ਸਮਾਂ ਆ ਜਾਂਦਾ ਹੈ ਤਾਂ ਤਰਨਾ ਔਖਾ ਹੋ ਜਾਂਦਾ ਹੈ। ਠੀਕ ਇਸੇ ਤਰ੍ਹਾਂ, ਜਿਸ ਮਨੁੱਖ ਨੇ ਮਾਇਆ ਨਾਲ ਆਪਣਾ ਮਨ ਲਾਈ ਰੱਖਿਆ, ਜਾਂ ਵਿਕਾਰਾਂ ਵਿਚ ਬੁਰੀ ਤਰ੍ਹਾਂ ਫਸਿਆ ਰਹਿਆ, ਫਿਰ ਉਸ ਲਈ ਬਾਅਦ ਵਿਚ ਇਨ੍ਹਾਂ ਦੇ ਚਸਕਿਆਂ ਵਿਚੋਂ ਨਿਕਲਣਾ ਬਹੁਤ ਔਖਾ ਹੋ ਜਾਂਦਾ ਹੈ। ਅੱਜਕਲ ਆਮ ਵੇਖਣ ਵਿਚ ਆਉਂਦਾ ਹੈ, ਕਿ ਜਿਹੜੇ ਮਨੁੱਖ ਸਾਰੀ ਉਮਰ ਗਲਤ ਖਾਣੇ ਖਾਂਦੇ ਰਹਿੰਦੇ ਹਨ, ਉਹ ਬਾਅਦ ਵਿਚ ਬੀਮਾਰੀਆ ਦਾ ਸ਼ਿਕਾਰ ਹੁੰਦੇ ਰਹਿੰਦੇ ਹਨ, ਜਿਹੜੇ ਨਸ਼ਿਆਂ ਵਿਚ ਦੁਤ ਰਹਿੰਦੇ ਹਨ, ਉਹ ਆਪਣਾ ਜੀਵਨ ਤੇ ਜਵਾਨੀ ਬਰਬਾਦ ਕਰ ਲੈਂਦੇ ਹਨ, ਜਿਹੜੇ ਗਲਤ ਕੰਮ ਕਰਦੇ ਰਹਿੰਦੇ ਹਨ, ਉਹ ਜੇਲਾਂ ਵਿਚ ਸੜਦੇ ਰਹਿੰਦੇ ਹਨ। ਜਿਹੜੇ ਮਨੁੱਖ ਆਪਣਾ ਜੀਵਨ ਗੁਰੂ ਗ੍ਰੰਥ ਸਾਹਿਬ ਅਨੁਸਾਰ ਬਤੀਤ ਨਹੀਂ ਕਰਦੇ, ਉਹ ਜੀਵਨ ਦਾ ਸਹੀ ਰਸਤਾ ਨਾ ਪਛਾਨਣ ਕਰਕੇ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਲੈਂਦੇ ਹਨ। ਇਹ ਧਿਆਨ ਵਿਚ ਰੱਖਣਾ ਹੈ, ਕਿ ਇਕ ਵਾਰੀ ਇਹ ਮਨੁੱਖਾ ਜਨਮ ਦਾ ਸਮਾਂ ਖੁੰਝਣ ਤੋਂ ਬਾਅਦ ਦੁਬਾਰਾ ਨਹੀਂ ਮਿਲ ਸਕਦਾ ਹੈ, ਤੇ ਇਹ ਸਰੀਰ ਇਕ ਦਿਨ ਮਿੱਟੀ ਦੀ ਢੇਰੀ ਹੋ ਜਾਇਗਾ। ਇਹ ਜੀਵਨ ਜਾਚ, ਨਾ ਤਾਂ ਇਕ ਚੁਟਕੀ ਵਿਚ ਕਿਸੇ ਜਾਦੂ ਦੀ ਛੜੀ ਨਾਲ ਪਾਈ ਜਾ ਸਕਦੀ ਹੈ, ਤੇ ਨਾ ਹੀ ਮਾਇਆ ਨਾਲ ਖਰੀਦੀ ਜਾ ਸਕਦੀ ਹੈ। ਬਚਪਨ ਤੋਂ ਲੈ ਕੇ ਸਾਰੀ ਉਮਰ ਤਕ, ਗੁਰਮਤਿ ਅਨੁਸਾਰ ਘਾਲਣਾ ਘਾਲਣ ਨਾਲ ਹੀ ਪ੍ਰਾਪਤ ਹੋ ਸਕਦੀ ਹੈ। ਅਕਾਲ ਪੁਰਖੁ ਦਾ ਨਾਮੁ ਕੋਈ ਇਕ ਅੱਖਰ ਨਹੀਂ ਹੈ, ਜਿਸ ਦੇ ਰਟਨ ਨਾਲ ਨਾਮੁ ਪਾਇਆ ਜਾ ਸਕਦਾ ਹੈ। ਪੂਰੀ ਲਗਨ ਨਿਸ਼ਟਾ, ਘਾਲਣਾ ਤੇ ਗੁਰਬਾਣੀ ਦੁਆਰਾ ਜੀਵਨ ਜਾਚ ਸਿਖਣ ਨਾਲ ਹੀ ਨਾਮੁ ਪਾਇਆ ਜਾ ਸਕਦਾ ਹੈ।

**ਸੂਹੀ ਲਲਿਤ ॥ ਬੇੜਾ ਬੰਧਿ ਨ ਸਕਿਓ ਬੰਧਨ ਕੀ ਵੇਲਾ ॥ ਭਰਿ ਸਰਵਰੁ ਜਬ ਊਛਲੈ ਤਬ ਤਰਣੁ ਦੁਹੇਲਾ ॥ ੧ ॥ ਹਥੁ ਨ ਲਾਇ ਕਸੁੰਭੜੈ ਜਲਿ ਜਾਸੀ ਢੋਲਾ ॥ ੧ ॥ ਰਹਾਉ ॥ {੭੯੪}**

ਇਹ ਸਾਰਾ ਜਗਤ ਮਾਂ, ਪਿਉ, ਭਰਾ, ਪੁੱਤਰ, ਇਸਤ੍ਰੀ, ਆਦਿ ਦੇ ਮੋਹ ਵਿਚ ਫਸਿਆ ਰਹਿੰਦਾ ਹੈ। ਜਵਾਨੀ, ਧਨ, ਤਾਕਤ ਦੇ ਹੰਕਾਰ ਵਿਚ ਲੋਕ ਪਾਗਲ ਹੋਏ ਰਹਿੰਦੇ ਹਨ। ਮਨੁੱਖ ਉਸ ਅਕਾਲ ਪੁਰਖੁ ਨਾਲ ਆਪਣਾ ਮਨ ਨਹੀਂ ਜੋੜਦਾ, ਜਿਹੜਾ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਤੇ ਸਾਰੇ ਦੁਖਾਂ ਦਾ ਨਾਸ ਕਰਨ ਵਾਲਾ ਹੈ। ਗੁਰੂ ਸਾਹਿਬ ਸਮਝਾਂਉਂਦੇ ਹਨ, ਕਿ ਇਹ ਜਗਤ ਭਰਮਾਂ ਭੁਲੇਖਿਆ ਕਰਕੇ ਭਟਕਦਾ ਰਹਿੰਦਾ ਹੈ ਤੇ ਕੁਰਾਹੇ ਪਿਆ ਰਹਿੰਦਾ ਹੈ। ਅਕਾਲ ਪੁਰਖੁ ਦੇ ਨਾਮੁ ਦਾ ਸਿਮਰਨ ਛੱਡਣ ਕਰਕੇ ਮਨੁੱਖ ਮਾਇਆ ਦੇ ਹੱਥਾਂ ਵਿਚ ਵਿਕਦਾ ਰਹਿੰਦਾ ਹੈ, ਜਿਸ ਕਰਕੇ ਉਹ ਆਪਣਾ ਆਤਮਕ ਜੀਵਨ ਵਿਅਰਥ ਗਵਾ ਲੈਂਦਾ ਹੈ।

**ਧਨਾਸਰੀ ਮਹਲਾ ੯ ॥ ਸਾਧੋ ਇਹੁ ਜਗੁ ਭਰਮ ਭੁਲਾਨਾ ॥ ਰਾਮ ਨਾਮ ਕਾ ਸਿਮਰਨੁ ਛੋਡਿਆ ਮਾਇਆ ਹਾਥਿ ਬਿਕਾਨਾ ॥੧॥ ਰਹਾਉ ॥ {੬੮੫}**

ਜਿਸ ਮਨੁੱਖ ਉਤੇ ਅਕਾਲ ਪੁਰਖੁ ਦੀ ਦਇਆ ਹੁੰਦੀ ਹੈ, ਕਿਰਪਾ ਹੁੰਦੀ ਹੈ, ਉਸ ਮਨੁੱਖ ਦੇ ਹਿਰਦੇ ਵਿਚ ਅਜੇਹਾ ਆਤਮਕ ਬਲ ਪੈਦਾ ਹੁੰਦਾ ਹੈ, ਕਿ ਉਹ ਮਨੁੱਖ ਆਪਣੇ ਹਿਰਦੇ ਵਿਚ ਗੁਰੂ ਦਾ ਸ਼ਬਦ ਵਸਾ ਲੈਂਦਾ ਹੈ, ਪੰਜ ਵਿਕਾਰਾਂ ਨਾਲ ਆਪਣਾ ਸਾਥ ਹਟਾ ਲੈਂਦਾ ਹੈ, ਦਸਾਂ ਇੰਦ੍ਰੀਆਂ ਨੂੰ ਆਪਣੇ ਕਾਬੂ ਵਿਚ ਕਰ ਲੈਂਦਾ ਹੈ ਤੇ ਉਸ ਦੀ ਆਤਮਾ ਅੰਦਰ ਚਾਨਣ ਹੋ ਜਾਂਦਾ ਹੈ, ਤੇ ਆਤਮਕ ਜੀਵਨ ਦੀ ਸੋਝੀ ਆ ਜਾਂਦੀ ਹੈ। ਉਸ ਮਨੁੱਖ ਨੂੰ ਆਪਣੇ ਹਿਰਦੇ ਵਿਚ ਮਿੱਤਰ ਤੇ ਵੈਰੀ ਇਕੋ ਜਿਹੇ ਲਗਦੇ ਹਨ। ਉਹ ਜਿਤਨਾ ਕੁਝ ਵੀ ਬੋਲਦਾ ਹੈ, ਆਤਮਕ ਜੀਵਨ ਦੀ ਸੂਝ ਬਾਰੇ ਬੋਲਦਾ ਹੈ, ਜਿਤਨਾ ਕੁਝ ਵੀ ਸੁਣਦਾ ਹੈ, ਅਕਾਲ ਪੁਰਖੁ ਦੀ ਸਿਫ਼ਤਿ-ਸਾਲਾਹ ਬਾਰੇ ਹੀ ਸੁਣਦਾ ਹੈ। ਉਹ ਜਿਤਨਾ ਕੁਝ ਵੀ ਇਸ ਸੰਸਾਰ ਵਿਚ ਵੇਖਦਾ ਹੈ, ਅਕਾਲ ਪੁਰਖੁ ਵਿਚ ਆਪਣੀ ਸੁਰਤਿ ਜੋੜਨ ਨਾਲ ਹੀ ਵੇਖਦਾ ਹੈ। ਅਜੇਹਾ ਮਨੁੱਖ ਭਾਵੇਂ ਜਾਗਦਾ ਹੋਵੇ, ਜਾਂ ਭਾਵੇਂ ਸੁੱਤਾ ਹੋਵੇ, ਉਹ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ। ਅਕਾਲ ਪੁਰਖੁ ਦੇ ਹੁਕਮੁ ਤੇ ਰਜ਼ਾ ਵਿਚ ਜੋ ਕੁਝ ਵੀ ਹੁੰਦਾ ਹੈ, ਉਸ ਨੂੰ ਪਰਵਾਨ ਕਰਦਾ ਹੈ, ਤੇ ਉਹ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ। ਭਾਂਵੇਂ ਕੋਈ ਗ਼ਮੀ ਦੀ ਘਟਨਾ ਹੋ ਜਾਏ, ਜਾਂ ਕੋਈ ਖ਼ੁਸ਼ੀ ਦਾ ਮੌਕਾ ਹੋਵੇ, ਉਹ ਦੋਹਾਂ ਹਾਲਤਾਂ ਵਿਚ ਆਤਮਕ ਅਡੋਲਤਾ ਵਿਚ ਹੀ ਰਹਿੰਦਾ ਹੈ। ਜੇ ਉਹ ਚੁਪ ਬੈਠਾ ਹੈ ਤਾਂ ਵੀ ਅਡੋਲਤਾ ਵਿਚ ਹੈ, ਤੇ ਜੇ ਬੋਲ ਰਿਹਾ ਹੈ ਤਾਂ ਵੀ ਅਡੋਲਤਾ ਵਿਚ ਹੈ। ਆਤਮਕ ਅਡੋਲਤਾ ਵਿਚ ਟਿਕਿਆ ਹੋਇਆ ਹੀ ਉਹ ਖਾਣ ਪੀਣ ਦਾ ਵਿਹਾਰ ਕਰਦਾ ਹੈ, ਆਤਮਕ ਅਡੋਲਤਾ ਵਿਚ ਹੀ ਉਹ ਦੂਜਿਆਂ ਨਾਲ ਪ੍ਰੇਮ ਦਾ ਸਲੂਕ ਕਰਦਾ ਹੈ। ਆਤਮਕ ਅਡੋਲਤਾ ਵਿਚ ਟਿਕੇ ਰਹਿਣ ਕਰਕੇ ਉਸ ਦੇ ਅੰਦਰੋਂ ਕਪਟ ਦੀ ਭਾਵਨਾ ਮਿਟ ਜਾਂਦੀ ਹੈ। ਆਤਮਕ ਅਡੋਲਤਾ ਵਿਚ ਹੀ ਉਸ ਨੂੰ ਗੁਰੂ ਦਾ ਮਿਲਾਪ ਹੋ ਜਾਂਦਾ ਹੈ, ਤੇ ਪਰਤੱਖ ਤੌਰ ਤੇ ਉਸ ਨੂੰ ਅਕਾਲ ਪੁਰਖੁ ਦੇ ਦੀਦਾਰ ਹੋ ਜਾਂਦੇ ਹਨ। ਜੇ ਉਹ ਘਰ ਵਿਚ ਹੈ ਤਾਂ ਵੀ ਆਤਮਕ ਅਡੋਲਤਾ ਵਿਚ, ਜੇ ਉਹ ਦੁਨੀਆਂ ਤੋਂ ਉਪਰਾਮ ਫਿਰਦਾ ਹੈ ਤਾਂ ਵੀ ਆਤਮਕ ਅਡੋਲਤਾ ਵਿਚ ਟਿਕੇ ਰਹਿਣ ਕਰਕੇ ਉਸ ਦੇ ਹਿਰਦੇ ਵਿਚੋਂ ਦਵੈਤ ਭਾਵਨਾ ਦੂਰ ਹੋ ਜਾਂਦੀ ਹੈ। ਜਿਸ ਮਨੁੱਖ ਦੇ ਮਨ ਵਿਚ ਆਤਮਕ ਅਡੋਲਤਾ ਕਰਕੇ ਆਨੰਦ ਪੈਦਾ ਹੁੰਦਾ ਹੈ, ਉਸ ਮਨੁੱਖ ਨੂੰ ਉਹ ਅਕਾਲ ਪੁਰਖੁ ਮਿਲ ਪੈਂਦਾ ਹੈ, ਜੋ ਸਭ ਤੋਂ ਉੱਚੇ ਆਤਮਕ ਆਨੰਦ ਦਾ ਮਾਲਕ ਹੈ। ਅਜੇਹਾ ਮਨੁੱਖ ਆਤਮਕ

ਅਡੋਲਤਾ ਵਿਚ ਟਿਕ ਕੇ ਨਾਮੁ ਰੂਪੀ ਅੰਮ੍ਰਿਤ ਪੀਂਦਾ ਰਹਿੰਦਾ ਹੈ, ਤੇ ਆਤਮਕ ਅਡੋਲਤਾ ਦੀ ਬਰਕਤ ਨਾਲ ਉਹ ਹੋਰਨਾਂ ਨੂੰ ਵੀ ਆਤਮਕ ਜੀਵਨ ਦੀ ਦਾਤ ਦੇਂਦਾ ਰਹਿੰਦਾ ਹੈ। ਆਤਮਕ ਅਡੋਲਤਾ ਪੈਦਾ ਕਰਨ ਵਾਲੀਆਂ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀਆਂ ਕਥਾ ਕਹਾਣੀਆਂ ਉਸ ਦੀ ਜਿੰਦ ਜਾਨ ਵਿਚ ਰਚੀਆ ਰਹਿੰਦੀਆਂ ਹਨ, ਤੇ ਉਸ ਦੇ ਹਿਰਦੇ ਵਿਚ ਅਬਿਨਾਸੀ ਅਕਾਲ ਪੁਰਖੁ ਵੱਸਦਾ ਰਹਿੰਦਾ ਹੈ। ਆਤਮਕ ਅਡੋਲਤਾ ਵਿਚ ਰਹਿੰਣ ਨਾਲ ਉਸ ਦਾ ਅਕਾਲ ਪੁਰਖੁ ਦੇ ਚਰਨਾਂ ਵਿਚ ਸਥਿਰ ਟਿਕਾਣਾ ਬਣਿਆ ਰਹਿੰਦਾ ਹੈ ਤੇ ਉਸ ਨੂੰ ਅਜੇਹਾ ਟਿਕਾਣਾ ਚੰਗਾ ਲੱਗਦਾ ਹੈ। ਆਤਮਕ ਅਡੋਲਤਾ ਵਿਚ ਟਿਕ ਕੇ ਹੀ ਉਹ ਆਪਣੇ ਅੰਦਰ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਦਾ ਸਬਦ ਗਾਇਨ ਕਰਦਾ ਰਹਿੰਦਾ ਹੈ। ਆਤਮਕ ਅਡੋਲਤਾ ਦੇ ਕਾਰਨ ਹੀ ਉਸ ਦੇ ਅੰਦਰ ਆਤਮਕ ਆਨੰਦ ਦੀ ਸੁਹਾਵਣੀ ਰੁਤ ਬਣੀ ਰਹਿੰਦੀ ਹੈ। ਉਸ ਦੇ ਹਿਰਦੇ ਵਿਚ ਅਕਾਲ ਪੁਰਖੁ ਸਦਾ ਪਰਗਟ ਹੁੰਦਾ ਰਹਿੰਦਾ ਹੈ। ਜਿਸ ਮਨੁੱਖ ਉਤੇ ਅਕਾਲ ਪੁਰਖੁ ਦੀ ਕਿਰਪਾ ਹੁੰਦੀ ਹੈ, ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ। ਗੁਰੂ ਦੀ ਬਖ਼ਸ਼ਸ਼ ਨਾਲ ਉਸ ਨੂੰ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦਾ ਨਾਮੁ ਮਿਲ ਜਾਂਦਾ ਹੈ, ਤੇ ਮਨੁੱਖ ਆਤਮਕ ਅਡੋਲਤਾ ਵਿਚ ਰਹਿੰਦਾ ਹੋਇਆ, ਉਸ ਸੱਚ ਨੂੰ ਆਪਣਾ ਧਰਮ ਬਣਾ ਲੈਂਦਾ ਹੈ। ਪਰੰਤੂ ਇਹ ਸਹਜ ਅਵਸਥਾ ਬਿਆਨ ਨਹੀਂ ਕੀਤੀ ਜਾ ਸਕਦੀ। ਜਿਸ ਮਨੁੱਖ ਦੇ ਅੰਦਰ ਇਹ ਆਤਮਕ ਅਡੋਲਤਾ ਪੈਦਾ ਹੁੰਦੀ ਹੈ, ਉਹੀ ਮਨੁੱਖ ਇਸ ਨੂੰ ਸਮਝ ਸਕਦਾ ਹੈ। ਗੁਰੂ ਸਾਹਿਬ ਬੇਨਤੀ ਕਰਕੇ ਸਮਝਾਂਦੇ ਹਨ ਕਿ ਦਾਸ ਨਾਨਕ ਅਜੇਹੇ ਵਡਭਾਗੀ ਮਨੁੱਖ ਤੋਂ ਕੁਰਬਾਨ ਜਾਂਦਾ ਹੈ, ਜਿਨ੍ਹਾਂ ਨੇ ਸਬਦ ਗੁਰੂ ਦੀ ਸਹਾਇਤਾ ਨਾਲ ਆਪਣੇ ਅੰਦਰ ਆਤਮਕ ਅਡੋਲਤਾ ਕਾਇਮ ਕਰ ਲਈ ਹੈ।

**ਗਉੜੀ ਮਹਲਾ ੫ ॥ ਗੁਰ ਕਾ ਸਬਦੁ ਰਿਦ ਅੰਤਰਿ ਧਾਰੈ ॥ ਪੰਚ ਜਨਾ ਸਿਉ ਸੰਗੁ ਨਿਵਾਰੈ ॥ ਦਸ ਇੰਦ੍ਰੀ ਕਰਿ ਰਾਖੈ ਵਾਸਿ ॥ ਤਾ ਕੈ ਆਤਮੈ ਹੋਇ ਪਰਗਾਸੁ ॥੧॥ ਐਸੀ ਦ੍ਰਿੜਤਾ ਤਾ ਕੈ ਹੋਇ ॥ ਜਾ ਕਉ ਦਇਆ ਮਇਆ ਪ੍ਰਭ ਸੋਇ ॥੧॥ ਰਹਾਉ ॥ ਸਾਜਨੁ ਦੁਸਟੁ ਜਾ ਕੈ ਏਕ ਸਮਾਨੈ ॥ ਜੇਤਾ ਬੋਲਣੁ ਤੇਤਾ ਗਿਆਨੈ ॥ ਜੇਤਾ ਸੁਨਣਾ ਤੇਤਾ ਨਾਮੁ ॥ ਜੇਤਾ ਪੇਖਨੁ ਤੇਤਾ ਧਿਆਨੁ ॥੨॥ ਸਹਜੇ ਜਾਗਣੁ ਸਹਜੇ ਸੋਇ ॥ ਸਹਜੇ ਹੋਤਾ ਜਾਇ ਸੁ ਹੋਇ ॥ ਸਹਜਿ ਬੈਰਾਗੁ ਸਹਜੇ ਹੀ ਹਸਨਾ ॥ ਸਹਜੇ ਚੂਪ ਸਹਜੇ ਹੀ ਜਪਨਾ ॥੩॥ ਸਹਜੇ ਭੋਜਨੁ ਸਹਜੇ ਭਾਉ ॥ ਸਹਜੇ ਮਿਟਿਓ ਸਗਲ ਦੁਰਾਉ ॥ ਸਹਜੇ ਹੋਆ ਸਾਧੂ ਸੰਗੁ ॥ ਸਹਜਿ ਮਿਲਿਓ ਪਾਰਬ੍ਰਹਮੁ ਨਿਸੰਗੁ ॥੪॥ ਸਹਜੇ ਗ੍ਰਿਹ ਮਹਿ ਸਹਜਿ ਉਦਾਸੀ ॥ ਸਹਜੇ ਦੁਬਿਧਾ ਤਨ ਕੀ ਨਾਸੀ ॥ ਜਾ ਕੈ ਸਹਜਿ ਮਨਿ ਭਇਆ ਅਨੰਦੁ ॥ ਤਾ ਕਉ ਭੇਟਿਆ ਪਰਮਾਨੰਦੁ ॥੫॥ ਸਹਜੇ ਅੰਮ੍ਰਿਤੁ ਪੀਓ ਨਾਮੁ ॥ ਸਹਜੇ ਕੀਨੋ ਜੀਅ ਕੋ ਦਾਨੁ ॥ ਸਹਜ ਕਥਾ ਮਹਿ ਆਤਮੁ ਰਸਿਆ ॥ ਤਾ ਕੈ ਸੰਗਿ ਅਬਿਨਾਸੀ ਵਸਿਆ ॥੬॥ ਸਹਜੇ ਆਸਣੁ ਅਸਥਿਰੁ ਭਾਇਆ ॥ ਸਹਜੇ ਅਨਹਤ ਸਬਦੁ ਵਜਾਇਆ ॥ ਸਹਜੇ ਰੁਣ ਝੁਣਕਾਰੁ ਸੁਹਾਇਆ ॥ ਤਾ ਕੈ ਘਰਿ ਪਾਰਬ੍ਰਹਮੁ ਸਮਾਇਆ ॥੭॥ ਸਹਜੇ ਜਾ ਕਉ ਪਰਿਓ ਕਰਮਾ ॥ ਸਹਜੇ ਗੁਰੁ ਭੇਟਿਓ ਸਚੁ ਧਰਮਾ ॥ ਜਾ ਕੈ ਸਹਜੁ ਭਇਆ ਸੋ ਜਾਣੈ ॥ ਨਾਨਕ ਦਾਸ ਤਾ ਕੈ ਕੁਰਬਾਣੈ ॥੮॥੩॥ {੨੩੬-੨੩੭}**

ਜਦੋਂ ਮਨੁੱਖ ਆਤਮਕ ਅਡੋਲਤਾ ਵਿਚ ਟਿਕਦਾ ਹੈ, ਤੇ ਅਕਾਲ ਪੁਰਖੁ ਦੇ ਪ੍ਰੇਮ ਵਿਚ ਜੁੜਦਾ ਹੈ, ਤਾਂ ਉਸ ਦੇ ਅੰਦਰ ਆਤਮਕ ਜੀਵਨ ਦੇਣ ਵਾਲੇ ਨਾਮੁ ਰੂਪੀ ਅੰਮ੍ਰਿਤ ਦੀ ਵਰਖਾ ਹੋਣੀ ਸ਼ੁਰੂ ਹੋ ਜਾਂਦੀ ਹੈ। ਪਰੰਤੂ, ਇਹ ਦਾਤ ਕੋਈ ਵਿਰਲਾ ਮਨੁੱਖ ਹੀ ਪ੍ਰਾਪਤ ਕਰਦਾ ਹੈ, ਜਿਹੜਾ ਗੁਰੂ ਦੇ ਦੱਸੇ ਰਸਤੇ ਅਨੁਸਾਰ ਚਲਦਾ ਹੈ। ਆਤਮਕ ਜੀਵਨ ਦੇਣ ਵਾਲਾ ਨਾਮੁ ਰੂਪੀ ਅੰਮ੍ਰਿਤ ਪੀ ਕੇ ਮਨੁੱਖ ਸਦਾ ਲਈ ਮਾਇਆ ਵਲੋਂ ਰੱਜ ਜਾਂਦਾ ਹੈ, ਤੇ ਅਕਾਲ ਪੁਰਖੁ ਦੀ ਮਿਹਰ ਸਦਕਾ ਉਸ ਦੇ ਅੰਦਰ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਮੈਂ ਸਦਾ ਉਨ੍ਹਾਂ ਗੁਰਮੁਖਾਂ ਤੋਂ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ, ਜਿਹੜੇ ਗੁਰੂ ਦੀ ਸਰਨ ਵਿਚ ਆ ਕੇ ਆਤਮਕ ਜੀਵਨ ਦੇਣ ਵਾਲਾ ਨਾਮੁ ਰੂਪੀ ਅੰਮ੍ਰਿਤ ਪੀਂਦੇ ਹਨ। ਅਜੇਹੇ ਗੁਰਮੁਖਾਂ ਦੀ ਜੀਭ ਨਾਮੁ ਰੂਪੀ ਰਸ ਚਖ ਕੇ ਅਕਾਲ ਪੁਰਖੁ ਦੇ ਪ੍ਰੇਮ ਵਿਚ ਸਦਾ ਰੰਗੀ ਰਹਿੰਦੀ ਹੈ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਅਕਾਲ ਪੁਰਖੁ ਦੇ ਗੁਣ ਗਾਇਨ ਕਰਦੇ ਰਹਿੰਦੇ ਹਨ।

**ਮਾਝ ਮਹਲਾ ੩ ॥ ਅੰਮ੍ਰਿਤੁ ਵਰਸੈ ਸਹਜਿ ਸੁਭਾਏ ॥ ਗੁਰਮੁਖਿ ਵਿਰਲਾ ਕੋਈ ਜਨੁ ਪਾਏ ॥ ਅੰਮ੍ਰਿਤੁ ਪੀ ਸਦਾ ਤ੍ਰਿਪਤਾਸੇ ਕਰਿ ਕਿਰਪਾ ਤ੍ਰਿਸਨਾ ਬੁਝਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਗੁਰਮੁਖਿ ਅੰਮ੍ਰਿਤੁ ਪੀਆਵਣਿਆ ॥ ਰਸਨਾ ਰਸੁ ਚਾਖਿ ਸਦਾ ਰਹੈ ਰੰਗਿ ਰਾਤੀ ਸਹਜੇ ਹਰਿ ਗੁਣ ਗਾਵਣਿਆ ॥੧॥ ਰਹਾਉ ॥ {੧੧੯}**

ਵਡਭਾਗੀ ਮਨੁੱਖ ਹੀ ਗੁਰੂ ਦੇ ਸ਼ਬਦ ਨੂੰ ਵੀਚਾਰ ਕੇ, ਮਿਠਾ ਅਤੇ ਆਤਮਕ ਜੀਵਨ ਦੇਣ ਵਾਲਾ ਨਾਮੁ ਰੂਪੀ ਅੰਮ੍ਰਿਤ ਪ੍ਰਾਪਤ ਕਰ ਸਕਦਾ ਹੈ। ਫਿਰ ਉਹ ਦਿਨ ਰਾਤ ਆਪਣੇ ਅੰਦਰੋਂ ਹਉਮੈ ਦੂਰ ਕਰ ਕੇ ਆਨੰਦ ਮਾਣਦਾ ਰਹਿੰਦਾ ਹੈ। ਸਬਦ ਗੁਰੂ ਦੀ ਕਿਰਪਾ ਨਾਲ ਉਸ ਦੇ ਹਿਰਦੇ ਅੰਦਰ ਆਤਮਕ ਅਡੋਲਤਾ ਸਦਕਾ ਆਨੰਦ ਬਣਿਆ ਰਹਿੰਦਾ ਹੈ। ਅਕਾਲ ਪੁਰਖੁ ਦੇ ਨਾਮੁ ਰੂਪੀ ਰੰਗ ਵਿਚ ਰੰਗੇ ਹੋਏ ਮਨੁੱਖ ਸਦਾ ਕਾਇਮ ਰਹਿੰਣ ਵਾਲੇ ਅਕਾਲ ਪੁਰਖੁ ਦੇ ਪਿਆਰ ਤੇ ਨਾਮੁ ਵਿਚ ਲੀਨ ਰਹਿੰਦੇ ਹਨ। ਇਸ ਲਈ ਗੁਰੂ ਦੇ ਸ਼ਬਦ, ਭਾਵ ਗੁਰਬਾਣੀ ਨੂੰ ਚੰਗੀ ਤਰ੍ਹਾਂ ਪੜ੍ਹ ਕੇ, ਸਮਝ ਕੇ ਤੇ ਵੀਚਾਰ ਕੇ ਅਕਾਲ ਪੁਰਖੁ ਦੇ ਨਾਮੁ ਦਾ ਜਾਪ ਕਰਨਾ ਚਾਹੀਦਾ ਹੈ। ਗੁਰੂ ਦੇ ਸ਼ਬਦ ਦੁਆਰਾ ਆਪਣੇ ਅੰਦਰੋਂ ਹਉਮੈ ਨੂੰ ਦੂਰ ਕਰ ਕੇ ਅਕਾਲ ਪੁਰਖੁ ਦੇ ਨਾਮੁ ਦਾ ਜਾਪ ਕਰਨਾ ਚਾਹੀਦਾ ਹੈ। ਅਕਾਲ ਪੁਰਖੁ ਦੇ ਡਰ ਅਦਬ ਵਿਚ ਰਹਿ ਕੇ, ਤੇ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦੇ ਪ੍ਰੇਮ ਵਿਚ ਲੀਨ ਹੋ ਕੇ, ਅਕਾਲ ਪੁਰਖੁ ਦਾ ਨਾਮੁ ਜਪਣਾ ਚਾਹੀਦਾ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਸਬਦ ਗੁਰੂ ਦੀ ਮਤਿ ਦੁਆਰਾ ਅਕਾਲ ਪੁਰਖੁ ਦੇ ਨਾਮੁ ਨੂੰ ਆਪਣੇ ਹਿਰਦੇ ਵਿਚ ਟਿਕਾਈ ਰੱਖਣਾ ਚਾਹੀਦਾ ਹੈ।

**ਅੰਮ੍ਰਿਤੁ ਮੀਠਾ ਸਬਦੁ ਵੀਚਾਰਿ ॥ ਅਨਦਿਨੁ ਭੋਗੇ ਹਉਮੈ ਮਾਰਿ ॥ ਸਹਜਿ ਅਨੰਦਿ ਕਿਰਪਾ ਧਾਰਿ ॥ ਨਾਮਿ ਰਤੇ ਸਦਾ ਸਚਿ ਪਿਆਰਿ ॥੭॥ ਹਰਿ ਜਪਿ ਪੜੀਐ ਗੁਰ ਸਬਦੁ ਵੀਚਾਰਿ ॥ ਹਰਿ ਜਪਿ ਪੜੀਐ ਹਉਮੈ ਮਾਰਿ ॥ ਹਰਿ ਜਪੀਐ ਭਇ ਸਚਿ ਪਿਆਰਿ ॥ ਨਾਨਕ ਨਾਮੁ ਗੁਰਮਤਿ ਉਰਧਾਰਿ ॥੮॥੩॥੨੫॥ {੪੨੪}**

ਜਿਸ ਜੀਵ ਇਸਤ੍ਰੀ ਨੂੰ ਗੁਰਬਾਣੀ ਸਦਾ ਪਿਆਰੀ ਲੱਗਦੀ ਹੈ, ਉਹ ਆਪਣੇ ਅੰਦਰੋਂ ਪਾਪ ਤੇ ਵਿਕਾਰ ਦੂਰ ਕਰ ਲੈਂਦੀ ਹੈ, ਉਸ ਦਾ ਹਉਮੈ ਦਾ ਰੋਗ ਮੁੱਕ ਜਾਂਦਾ ਹੈ, ਹਰੇਕ ਕਿਸਮ ਦਾ ਡਰ ਨਿਕਲ ਜਾਂਦਾ ਹੈ, ਤੇ ਉਹ ਸਦਾ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ। ਗੁਰੂ ਦੇ ਸ਼ਬਦ ਦੀ ਬਰਕਤ ਨਾਲ ਉਸ ਦੇ ਹਿਰਦੇ ਵਿਚ ਸੁਖਾਂ ਦੀ ਸੇਜ ਬਣ ਜਾਂਦੀ ਹੈ, ਤੇ ਅਕਾਲ ਪੁਰਖੁ ਦੇ ਨਾਮੁ ਵਿਚ ਜੁੜ ਕੇ ਉਹ ਅਕਾਲ ਪੁਰਖੁ ਦੇ ਮਿਲਾਪ ਦਾ ਸੁਖ ਮਾਣਦੀ ਰਹਿੰਦੀ ਹੈ। ਜਿਸ ਦੇ ਭਾਗਾਂ ਵਿਚ ਧੁਰ ਦਰਗਾਹ ਤੋਂ ਸੰਜੋਗ ਲਿਖਿਆ ਹੁੰਦਾ ਹੈ, ਉਹ ਜੀਵ ਇਸਤ੍ਰੀ ਹਰ ਵੇਲੇ ਆਨੰਦ ਵਿਚ ਟਿਕੀ ਰਹਿ ਕੇ ਸਦਾ ਅਕਾਲ ਪੁਰਖੁ ਦੇ ਮਿਲਾਪ ਦਾ ਸੁਖ ਮਾਣਦੀ ਰਹਿੰਦੀ ਹੈ।

**ਗੁਰਬਾਣੀ ਸਦ ਮੀਠੀ ਲਾਗੀ ਪਾਪ ਵਿਕਾਰ ਗਵਾਇਆ ॥ ਹਉਮੈ ਰੋਗੁ ਗਇਆ ਭਉ ਭਾਗਾ ਸਹਜੇ ਸਹਜਿ ਮਿਲਾਇਆ ॥ ਕਾਇਆ ਸੇਜ ਗੁਰ ਸਬਦਿ ਸੁਖਾਲੀ ਗਿਆਨ ਤਤਿ ਕਰਿ ਭੋਗੋ ॥ ਅਨਦਿਨੁ ਸੁਖਿ ਮਾਣੇ ਨਿਤ ਰਲੀਆ ਨਾਨਕ ਧੁਰਿ ਸੰਜੋਗੋ ॥੧॥ {੭੭੩}**

ਜਿਸ ਤਰ੍ਹਾਂ ਲੋਕਾਂ ਨੂੰ ਨਾਮੁ ਸਬੰਧੀ ਭੁਲੇਖਾ ਪਿਆ ਹੋਇਆ ਹੈ, ਠੀਕ ਉਸੇ ਤਰ੍ਹਾਂ ਸਾਨੂੰ ਅੰਮ੍ਰਿਤੁ ਸਬੰਧੀ ਵੀ ਬਹੁਤ ਭੁਲੇਖਾ ਪਿਆ ਹੋਇਆ ਹੈ। ਜਿਸ ਤਰ੍ਹਾਂ ਕਿ ਭਾਈ ਗੁਰਦਾਸ ਦੂਜਾ ਦੀ ਰਚਨਾਂ ਤੋਂ ਸੰਕੇਤ ਮਿਲਦਾ ਹੈ, ਕਿ ਗੁਰੂ ਘਰ ਵਿਚ ਦਾਖਲਾ ਲੈਣ ਲਈ ਖੰਡੇ ਬਾਟੇ ਕੀ ਪਾਹੁਲ {ਖੰਡਧਾਰ} ਜਰੂਰੀ ਹੈ। ਸਮਾਂ ਪਾ ਕੇ ਲੋਕਾਂ ਨੇ ਖੰਡੇ ਬਾਟੇ ਕੀ ਪਾਹੁਲ ਨੂੰ ਅੰਮ੍ਰਿਤੁ ਛਕਣ ਦਾ ਨਾਂ ਦੇ ਦਿਤਾ ਹੈ। ਜਦੋਂ ਕਿ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਬਾਰ ਬਾਰ ਇਹੀ ਸਮਝਾਇਆ ਗਿਆ ਹੈ ਕਿ **"ਅੰਮ੍ਰਿਤੁ ਹਰਿ ਕਾ ਨਾਮੁ"** ਹੈ। ਆਓ ਜਰਾ ਗੁਰੂ ਗਰੰਥ ਸਾਹਿਬ ਅਨੁਸਾਰ ਅੰਮ੍ਰਿਤੁ ਸਬੰਧੀ ਸਮਝਣ ਦਾ ਯਤਨ ਕਰੀਏ।

ਜੇਕਰ ਗਿਣਤੀ ਦੇ ਹਿਸਾਬ ਨਾਲ ਹੀ ਵੇਖਿਆ ਜਾਵੇ ਤਾਂ **ਅੰਮ੍ਰਿਤੁ ਹਰਿ ਕਾ ਨਾਮੁ** ਗੁਰੂ ਗਰੰਥ ਸਾਹਿਬ ਵਿਚ ਪੰਜ ਵਾਰੀ ਆਇਆ ਹੈ, **ਅੰਮ੍ਰਿਤੁ ਹਰਿ ਕਾ ਨਾਉ** ਵੀ ਪੰਜ ਵਾਰੀ ਆਇਆ ਹੈ, ਤੇ **ਅੰਮ੍ਰਿਤੁ ਹਰਿ ਕਾ ਨਾਮਾ** ਇਕ ਵਾਰੀ ਆਇਆ ਹੈ। ਗੁਰੂ ਗਰੰਥ ਸਾਹਿਬ ਵਿਚ ਇਤਨੀ ਵਾਰੀ ਸਮਝਾਂਣ ਦੇ ਬਾਅਦ ਵੀ ਜੇਕਰ ਅਸੀਂ **ਖੰਡੇ ਬਾਟੇ ਕੀ ਪਾਹੁਲ** ਤੇ **ਅੰਮ੍ਰਿਤੁ** ਵਿਚ ਕੋਈ ਫਰਕ ਨਹੀਂ ਸਮਝ ਸਕੇ ਤਾਂ ਕਹਿਣਾਂ ਪਵੇਗਾ ਕਿ ਜਾਂ ਤਾਂ ਅਸੀਂ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਪੜ੍ਹਦੇ ਹੀ ਨਹੀਂ, ਤੇ ਜਾਂ ਗੁਰੂ ਗਰੰਥ ਸਾਹਿਬ ਅਨੁਸਾਰ ਆਪਣੇ ਜੀਵਨ ਵਿਚ ਵਿਚਰਨ ਤੋਂ ਇਨਕਾਰੀ ਹੋ ਚੁਕੇ ਹਾਂ। ਗੁਰੂ ਗਰੰਥ ਸਾਹਿਬ ਅੱਗੇ ਅਰਦਾਸਾਂ ਵੀ ਬਹੁਤ ਵਾਰੀ ਕਰੀਏ, ਚੜ੍ਹਾਵੇ ਵੀ ਬਹੁਤ ਚੜ੍ਹਾਈਏ ਪਰੰਤੂ ਗੁਰੂ ਗਰੰਥ ਸਾਹਿਬ ਅਨੁਸਾਰ ਆਪਣੇ ਜੀਵਨ ਵਿਚ ਚਲੀਏ ਬਿਲਕੁਲ ਨਾ, ਤਾਂ ਫਿਰ ਸਾਡੀ ਅਰਦਾਸ ਕਿਸ ਤਰ੍ਹਾਂ ਪ੍ਰਵਾਨ ਹੋ ਸਕਦੀ ਹੈ, ਸਾਡਾ ਭਲਾ ਕਿਸ ਤਰ੍ਹਾਂ ਹੋ ਸਕਦਾ ਹੈ?

ਹਿਰਦੇ ਨੂੰ ਮਾਇਆ ਦੇ ਮੋਹ ਵਿਚ ਗੰਦਾ ਕਰ ਕੇ ਤੇ ਫਿਰ ਆਪਣੇ ਸਰੀਰ ਨੂੰ ਤੀਰਥਾਂ ਉਪਰ ਲਿਜਾ ਕੇ ਇਸ਼ਨਾਨ ਕਰਨ ਨਾਲ ਕੋਈ ਲਾਭ ਨਹੀਂ ਹੋ ਸਕਦਾ। ਉਹੀ ਮਨੁੱਖ ਨ੍ਹਾਤਾ ਹੋਇਆ ਤੇ ਪਵਿਤ੍ਰ ਹੈ, ਜਿਹੜਾ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖੁ ਦੇ ਨਾਮੁ ਦੀ ਕਮਾਈ ਕਰਦਾ ਹੈ। ਪਰੰਤੂ, ਅਕਾਲ ਪੁਰਖੁ ਦੇ ਹੁਕਮੁ ਤੋਂ ਬਿਨਾ ਮਨੁੱਖ ਦੀ ਸੁਰਤਿ ਕੂੜ ਵਿਚੋਂ ਨਿਕਲ ਕੇ ਉੱਚੀ ਅਵਸਥਾ ਵਾਲੀ ਨਹੀਂ ਹੋ ਸਕਦੀ। ਨਿਰੀਆਂ ਜ਼ਬਾਨੀ ਗਿਆਨ ਦੀਆਂ ਗੱਲਾਂ ਕਰਨ ਨਾਲ ਤਾਂ ਸਗੋਂ ਆਪਣਾ ਆਤਮਕ ਜੀਵਨ ਹੋਰ ਵੀ ਖ਼ਰਾਬ ਹੋ ਜਾਂਦਾ ਹੈ। ਆਪਣੀ ਸੁਰਤਿ ਵਿਚ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਟਿਕਾਉਣੀ ਚਾਹੀਦੀ ਹੈ। ਇਹ ਸਿਫ਼ਤਿ ਸਾਲਾਹ ਅਕਾਲ ਪੁਰਖੁ ਦੀ ਆਪਣੀ ਬਖ਼ਸ਼ਸ਼ ਹੈ, ਜਦੋਂ ਅਕਾਲ ਪੁਰਖੁ ਆਪ ਪ੍ਰੇਰਨਾ ਕਰਦਾ ਹੈ ਤਾਂ ਹੀ ਮਨੁੱਖ ਉਸ ਦੀ ਸਿਫ਼ਤਿ ਸਾਲਾਹ ਕਰ ਸਕਦਾ ਹੈ। **ਅਕਾਲ ਪੁਰਖੁ ਦੀ ਮੇਹਰ ਨਾਲ ਹੀ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ ਨਾਮੁ {ਅੰਮ੍ਰਿਤੁ} ਮਨ ਨੂੰ ਪਿਆਰਾ ਲੱਗਦਾ ਹੈ।** ਜਦੋਂ ਅਕਾਲ ਪੁਰਖੁ ਦਾ ਨਾਮੁ ਮਨ ਨੂੰ ਮਿੱਠਾ ਲੱਗਦਾ ਹੈ ਤਾਂ ਉਸ ਮਨੁੱਖ ਦੇ ਮਨ ਅੰਦਰੋਂ ਦੁਖਾਂ ਦਾ ਡੇਰਾ ਆਪਣੇ ਆਪ ਚੁੱਕਿਆ ਜਾਂਦਾ ਹੈ। ਜਦੋਂ ਅਕਾਲ ਪੁਰਖੁ ਹੁਕਮੁ ਕਰਦਾ ਤਾਂ ਉਦੋਂ ਹੀ ਮਨੁੱਖ ਦੇ ਮਨ ਵਿਚ ਆਤਮਕ ਆਨੰਦ ਆ ਕੇ ਵੱਸ ਸਕਦਾ ਹੈ। ਜਿਸ ਅਕਾਲ ਪੁਰਖੁ ਨੇ ਆਪਣੇ ਆਪ ਨੂੰ ਆਪ ਹੀ ਜਗਤ ਦੇ ਰੂਪ ਵਿਚ ਪਰਗਟ ਕੀਤਾ ਹੋਇਆ ਹੈ, ਉਸ ਦੀ ਮਿਹਰ ਦੀ ਨਜਰ ਨਾਲ ਹੀ ਮਨੁੱਖ ਨੂੰ ਅਰਦਾਸ ਕਰਨ ਦੀ ਪ੍ਰੇਰਨਾ ਮਿਲਦੀ ਹੈ, ਤੇ ਤਾਂ ਹੀ ਉਸ ਦੀ ਸਿਫ਼ਤਿ ਸਾਲਾਹ ਕਰ ਸਕਦਾ ਹੈ। ਜਦੋਂ ਅਕਾਲ ਪੁਰਖੁ ਆਪਣੀ ਮੇਹਰ ਦੀ ਨਜ਼ਰ ਕਰਦਾ ਹੈ ਤਾਂ ਹੀ ਮਨੁੱਖ ਉਸ ਦੀ ਸਿਫ਼ਤਿ ਸਾਲਾਹ ਕਰਨ ਲਈ ਅਰਦਾਸ ਕਰਦਾ ਹੈ।

**ਤਾ ਮੈ ਕਹਿਆ ਕਹਣੁ ਜਾ ਤੁਝੈ ਕਹਾਇਆ ॥ ਅੰਮ੍ਰਿਤੁ ਹਰਿ ਕਾ ਨਾਮੁ ਮੇਰੈ ਮਨਿ ਭਾਇਆ ॥ ਨਾਮੁ ਮੀਠਾ ਮਨਹਿ ਲਾਗਾ ਦੂਖਿ ਡੇਰਾ ਢਾਹਿਆ ॥ ਸੂਖੁ ਮਨ ਮਹਿ ਆਇ ਵਸਿਆ ਜਾਮਿ ਤੈ ਫੁਰਮਾਇਆ ॥ ਨਦਰਿ ਤੁਧੁ ਅਰਦਾਸਿ ਮੇਰੀ ਜਿੰਨਿ ਆਪੁ ਉਪਾਇਆ ॥ ਤਾ ਮੈ ਕਹਿਆ ਕਹਣੁ ਜਾ ਤੁਝੈ ਕਹਾਇਆ ॥੨॥ {੫੬੫, ੫੬੬}**

ਇਸ ਜਗਤ ਦੇ ਕਈ ਲੋਕ ਵੀ ਪਪੀਹੇ ਦੀ ਤਰ੍ਹਾਂ, ਆਮ ਪਾਣੀ ਨੂੰ ਹੀ **ਅੰਮ੍ਰਿਤੁ-ਨਾਮੁ** ਸਮਝ ਕੇ ਇਕ ਦੂਜੇ ਦੇ ਪਿਛੇ ਲਗ ਕੇ ਪੀਣ ਲਈ ਤੁਰ ਪੈਂਦੇ ਹਨ। ਇਹ ਪਪੀਹਾ ਇਕ ਜੀਵ ਹੈ, ਜਿਸ ਦਾ ਸੁਭਾਉ ਇਕ ਪਸੂ ਦੀ ਤਰ੍ਹਾਂ ਹੈ, ਜਿਸ ਕਰਕੇ ਉਹ ਸਿਰਫ ਦੁਨਿਆਵੀ ਮੀਂਹ ਦੀ ਬੂੰਦ ਨੂੰ ਹੀ ਲੋਚਦਾ ਰਹਿੰਦਾ ਹੈ। ਇਸ ਲਈ ਇਸ ਸਬਦ ਵਿਚ ਵਰਤੇ ਗਏ ਪਪੀਹਾ ਲਫ਼ਜ਼ ਸੁਣ ਕੇ ਇਹ ਭੁਲੇਖਾ ਨਹੀਂ ਖਾਣਾਂ ਹੈ ਕਿ ਦੁਨਿਆਵੀ ਪਾਣੀ ਹੀ ਅੰਮ੍ਰਿਤ ਹੈ, ਜਿਸ ਨੂੰ ਪੀਤਿਆਂ ਮਾਇਆ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ। ਇਸ ਲਈ ਹਮੇਸ਼ਾਂ ਸੁਚੇਤ ਰਹਿਣਾ ਹੈ ਤੇ ਧਿਆਨ ਵਿਚ

ਰੱਖਣਾ ਹੈ ਕਿ ਸਿਰਫ ਅਕਾਲ ਪੁਰਖੁ ਦਾ ਨਾਮੁ ਹੀ ਐਸਾ ਅੰਮ੍ਰਿਤ ਹੈ, ਜਿਸ ਨੂੰ ਪੀਤਿਆਂ ਮਨੁੱਖ ਦੇ ਅੰਦਰੋਂ ਮਾਇਆ ਦੀ ਤ੍ਰਿਸ਼ਨਾ ਮਿਟ ਸਕਦੀ ਹੈ। ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਸਨਮੁਖ ਹੋ ਕੇ **ਨਾਮੁ {ਅੰਮ੍ਰਿਤੁ}** ਪੀਤਾ ਹੈ, ਉਨ੍ਹਾਂ ਨੂੰ ਮੁੜ ਕੇ ਮਾਇਆ ਦੀ ਤ੍ਰਿਸ਼ਨਾ ਨਹੀਂ ਰਹਿੰਦੀ।

**ਸਲੋਕ ਮਃ ੩ ॥ ਬਾਬੀਹਾ ਏਹੁ ਜਗਤੁ ਹੈ ਮਤ ਕੋ ਭਰਮਿ ਭੁਲਾਇ ॥ ਇਹੁ ਬਾਬੀਂਹਾ ਪਸੂ ਹੈ ਇਸ ਨੋ ਬੂਝਣੁ ਨਾਹਿ ॥ ਅੰਮ੍ਰਿਤੁ ਹਰਿ ਕਾ ਨਾਮੁ ਹੈ ਜਿਤੁ ਪੀਤੈ ਤਿਖ ਜਾਇ ॥ ਨਾਨਕ ਗੁਰਮੁਖਿ ਜਿਨ੍ ਪੀਆ ਤਿਨ੍ ਬਹੁੜਿ ਨ ਲਾਗੀ ਆਇ ॥੧॥ {੧੨੮੩}**

ਗੁਰੂ ਸਾਹਿਬ ਸਮਝਾਂਦੇ ਹਨ ਕਿ ਅਕਾਲ ਪੁਰਖੁ ਦਾ ਨਾਮੁ ਅੰਮ੍ਰਿਤ ਰੂਪੀ ਖ਼ਜ਼ਾਨਾ ਹੈ, ਇਸ ਅੰਮ੍ਰਿਤ ਨੂੰ ਸਤਿਸੰਗ ਵਿਚ ਮਿਲ ਕੇ ਪੀਵੋ। ਉਸ ਨਾਮੁ **{ਅੰਮ੍ਰਿਤੁ}** ਨੂੰ ਸਿਮਰਿਆਂ ਹੀ ਸੁਖ ਮਿਲਦਾ ਹੈ, ਤੇ ਮਾਇਆ ਦੀ ਸਾਰੀ ਤ੍ਰਿਸ਼ਨਾ ਮਿਟ ਜਾਂਦੀ ਹੈ। ਇਸ ਲਈ ਗੁਰੂ ਅਕਾਲ ਪੁਰਖ ਦੀ ਸੇਵਾ ਕਰ, ਫਿਰ ਮਾਇਆ ਦੀ ਕੋਈ ਭੁਖ ਨਹੀਂ ਰਹਿ ਜਾਵੇਗੀ। ਨਾਮੁ **{ਅੰਮ੍ਰਿਤੁ}** ਨੂੰ ਸਿਮਰਨ ਨਾਲ ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ, ਤੇ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ। ਗੁਰੂ ਸਾਹਿਬ ਬੇਨਤੀ ਕਰਕੇ ਸਮਝਾਂਦੇ ਹਨ, ਕਿ ਹੇ ਅਕਾਲ ਪੁਰਖੁ! ਤੇਰੇ ਬਰਾਬਰ ਦਾ ਤੂੰ ਆਪ ਹੀ ਹੋ ਸਕਦਾ ਹੈ। ਇਸ ਲਈ ਨਾਮੁ **{ਅੰਮ੍ਰਿਤੁ}** ਦੀ ਦਾਤ ਲੈਣ ਲਈ, ਉਸ ਅਕਾਲ ਪੁਰਖ ਦੀ ਸ਼ਰਨ ਵਿਚ ਪੈਣਾ ਚਾਹੀਦਾ ਹੈ।

**ਪਉੜੀ ॥ ਅੰਮ੍ਰਿਤੁ ਨਾਮੁ ਨਿਧਾਨੁ ਹੈ ਮਿਲਿ ਪੀਵਹੁ ਭਾਈ ॥ ਜਿਸੁ ਸਿਮਰਤ ਸੁਖੁ ਪਾਈਐ ਸਭ ਤਿਖਾ ਬੁਝਾਈ ॥ ਕਰਿ ਸੇਵਾ ਪਾਰਬ੍ਰਹਮ ਗੁਰ ਭੁਖ ਰਹੈ ਨ ਕਾਈ ॥ ਸਗਲ ਮਨੋਰਥ ਪੁੰਨਿਆ ਅਮਰਾ ਪਦੁ ਪਾਈ ॥ ਤੁਧੁ ਜੇਵਡੁ ਤੂਹੈ ਪਾਰਬ੍ਰਹਮ ਨਾਨਕ ਸਰਣਾਈ ॥੩॥ {੩੧੮}**

ਆਪਣੇ ਮਨ ਅੰਦਰ ਅਕਾਲ ਪੁਰਖ ਦੀ ਸਿਫਤਿ ਸਾਲਾਹ ਕਰ। ਹਮੇਸ਼ਾਂ ਮਨ ਦੇ ਅੰਦਰ ਸੱਚਾ ਵਿਹਾਰ ਕਰ ਤੇ ਦੂਸਰਿਆਂ ਦਾ ਭਲਾ ਸੋਚ। ਜੀਭ ਨਾਲ ਮਿੱਠੇ ਨਾਮੁ ਰੂਪੀ ਅੰਮ੍ਰਿਤ ਦਾ ਆਨੰਦ ਮਾਣ, ਇਸ ਤਰ੍ਹਾਂ ਕਰਕੇ ਆਪਣੇ ਜੀਵਨ ਨੂੰ ਸਦਾ ਲਈ ਸੁਖੀ ਕਰ ਸਕੇਂਗਾ। ਅੱਖਾਂ ਨਾਲ ਅਕਾਲ ਪੁਰਖ ਦਾ ਰਚਿਆ ਹੋਇਆ ਜਗਤ ਤਮਾਸ਼ਾ ਵੇਖ, ਗੁਰੂ ਦੀ ਸੰਗਤਿ ਵਿਚ ਟਿਕਿਆਂ ਪਰਵਾਰ ਦਾ ਮੋਹ ਤੇ ਹੋਰ ਵਿਕਾਰ ਮਨ ਵਿਚੋਂ ਮਿਟ ਸਕਦੇ ਹਨ। ਪੈਰਾਂ ਨਾਲ ਗੁਰੂ ਦੇ ਦੱਸੇ ਮਾਰਗ ਅਨੁਸਾਰ ਚੱਲ, ਭਾਵ ਅਕਾਲ ਪੁਰਖੁ ਦੇ ਹੁਕਮੁ ਤੇ ਰਜਾ ਵਿਚ ਰਹਿੰਦੇ ਹੋਏ ਗੁਰਮਤਿ ਅਨੁਸਾਰ ਜੀਵਨ ਬਤੀਤ ਕਰ। ਜੇਕਰ ਅਕਾਲ ਪੁਰਖੁ ਦੇ ਨਾਮੁ ਨੂੰ ਰਤਾ ਭਰ ਵੀ ਜਪ ਲਈਏ ਤਾਂ ਮਨ ਵਿਚੋਂ ਪਾਪ ਦੂਰ ਹੋ ਜਾਂਦੇ ਹਨ। ਹੱਥਾਂ ਨਾਲ ਗੁਰੂ ਦੀ ਦੱਸੀ ਹੋਈ ਸਿਖਿਆ ਅਨੁਸਾਰ ਕੰਮ ਕਰ ਤੇ ਕੰਨਾਂ ਨਾਲ ਅਕਾਲ ਪੁਰਖ ਦੀ ਸਿਫਤਿ ਸਾਲਾਹ ਦੀ ਬਾਣੀ ਨੂੰ ਸੁਣ, ਇਸ ਤਰ੍ਹਾਂ ਕਰਨ ਨਾਲ ਅਕਾਲ ਪੁਰਖੁ ਦੀ ਦਰਗਾਹ ਵਿਚ ਪਰਵਾਨ ਹੋ ਸਕੇਗਾ।

**ਉਸਤਤਿ ਮਨ ਮਹਿ ਕਰਿ ਨਿਰੰਕਾਰ ॥ ਕਰਿ ਮਨ ਮੇਰੇ ਸਤਿ ਬਿਉਹਾਰ ॥ ਨਿਰਮਲ ਰਸਨਾ ਅੰਮ੍ਰਿਤੁ ਪੀਉ ॥ ਸਦਾ ਸੁਹੇਲਾ ਕਰਿ ਲੇਹਿ ਜੀਉ ॥ ਨੈਨਹੁ ਪੇਖੁ ਠਾਕੁਰ ਕਾ ਰੰਗੁ ॥ ਸਾਧਸੰਗਿ ਬਿਨਸੈ ਸਭ ਸੰਗੁ ॥ ਚਰਨ ਚਲਉ ਮਾਰਗਿ ਗੋਬਿੰਦ ॥ ਮਿਟਹਿ ਪਾਪ ਜਪੀਐ ਹਰਿ ਬਿੰਦ ॥ ਕਰ ਹਰਿ ਕਰਮ ਸ੍ਰਵਨਿ ਹਰਿ ਕਥਾ ॥ ਹਰਿ ਦਰਗਹ ਨਾਨਕ ਊਜਲ ਮਥਾ ॥੨॥ {੨੮੧}**

ਗੁਰੂ ਦੇ ਦਰ ਤੇ ਆ ਕੇ, ਗੁਰੂ ਦੇ ਸਬਦ ਦੇ ਦੁਆਰਾ, ਅਕਾਲ ਪੁਰਖੁ ਦੇ ਹੁਕਮੁ ਤੇ ਰਜਾ ਅਨੁਸਾਰ ਦੱਸੇ ਗਏ ਮਾਰਗ ਤੇ ਚਲਦੇ ਰਹਿੰਣ ਲਈ ਸਿਖਿਆ ਲੈਣੀ ਹੈ। ਸਿਫ਼ਤਿ ਸਾਲਾਹ ਦੀ ਸੱਚੀ ਬਾਣੀ ਸੁਣਨ ਲਈ ਪ੍ਰੇਰਨਾ ਲੈਣੀ ਹੈ, ਤਾਂ ਜੋ ਮਨੁੱਖ ਗੁਰੂ ਦੇ ਦਰ ਤੇ ਪਹੁੰਚ ਕੇ ਆਤਮਕ ਆਨੰਦ ਮਾਣਦਾ ਰਹੇ।

ਜਦੋਂ ਤਕ ਮਨੁੱਖ ਦੇ ਅੰਦਰ ਮਾਇਆ ਦੀ ਖ਼ਾਤਰ ਦੌੜ ਭੱਜ ਬਣੀ ਰਹਿੰਦੀ ਹੈ, ਉਹ ਮੋਹ ਤੇ ਵਿਕਾਰਾਂ ਵਿਚ ਫਸਿਆ ਰਹਿੰਦਾ ਹੈ। ਪਰੰਤੂ ਜਦੋਂ ਪਿਆਰੇ ਗੁਰੂ ਦੁਆਰਾ ਗਿਆਨ ਪ੍ਰਾਪਤ ਹੋ ਜਾਂਦਾ ਹੈ, ਤਾਂ ਮਨੁੱਖ ਦੀ ਭਟਕਣਾਂ ਦੂਰ ਕਰ ਹੋ ਜਾਂਦੀ ਹੈ, ਤੇ ਉਸ ਦਾ ਮਨ ਟਿਕਾਉ ਵਿਚ ਆ ਜਾਂਦਾ ਹੈ। ਜਦੋਂ ਤੋਂ ਮਨੁੱਖ ਵਿਤਕਰੇ ਕਰਦਾ ਚਲਿਆ ਆਉਂਦਾ ਹੈ, ਉਦੋਂ ਤੋਂ ਹੀ ਉਸ ਨੂੰ ਮਾਇਆ ਦੇ ਮੋਹ ਦੇ ਬੰਧਨ ਪਏ ਹੋਏ ਹਨ। ਪਰੰਤੂ ਜਦੋਂ ਸਬਦ ਗੁਰੂ ਅਗਿਆਨਤਾ ਦੂਰ ਕਰ ਦੇਂਦਾ ਹੈ, ਤਾਂ ਮਨੁੱਖ ਨੂੰ ਮੋਹ ਦੀਆਂ ਫਾਹੀਆਂ ਤੋਂ ਖ਼ਲਾਸੀ ਮਿਲ ਜਾਂਦੀ ਹੈ। ਜੇਹੜਾ ਮਨੁੱਖ ਗੁਰੂ ਦੀ ਦੱਸੀ ਸੇਵਾ ਕਰ ਕੇ ਅਕਾਲ ਪੁਰਖੁ ਦਾ ਸੇਵਕ ਬਣ ਜਾਂਦਾ ਹੈ, ਫਿਰ ਉਸ ਨੂੰ ਕੋਈ ਦੂਸਰਾ ਮਨੁੱਖ ਨਾ ਤਾਂ ਆਪਣਾ ਦੁਸ਼ਮਨ ਦਿਖਾਈ ਦੇਂਦਾ ਹੈ, ਤੇ ਨਾ ਹੀ ਕੋਈ ਉਸ ਨੂੰ ਭੈੜਾ ਲੱਗਦਾ ਹੈ। ਮਨੁੱਖ ਦੇ ਅੰਦਰ ਵਿਕਾਰ ਪੈਦਾ ਕਰਨ ਵਾਲੇ ਵੈਰੀ, ਜਿਨ੍ਹਾਂ ਕਰਕੇ ਮਨੁੱਖ ਦੁਖੀ ਰਹਿੰਦਾ ਹੈ, ਉਹ ਸਭ ਗੁਰੂ ਦੀ ਸਰਨ ਵਿਚ ਆਂਣ ਨਾਲ ਥੱਕ ਕੇ ਬੈਠ ਜਾਂਦੇ ਹਨ। ਹੁਣ ਮਨੁੱਖ ਦੀ ਉਹਨਾਂ ਵਿਕਾਰਾਂ ਤੋਂ ਖ਼ਲਾਸੀ ਹੋ ਜਾਂਦੀ ਹੈ, ਤੇ ਉਹ ਸਾਰੇ ਵਿਕਾਰ ਮਨੁੱਖ ਦਾ ਖਹਿੜਾ ਛੱਡ ਦੇਂਦੇ ਹਨ। ਜਦੋਂ ਤਕ ਮਨੁੱਖ ਅਕਾਲ ਪੁਰਖੁ ਦੇ ਹੁਕਮੁ ਨੂੰ ਨਹੀਂ ਪਛਾਣਦਾ, ਉਸ ਦੇ ਹੁਕਮੁ ਨੂੰ ਨਹੀਂ ਸਮਝਦਾ, ਉਤਨਾ ਚਿਰ ਤਕ ਉਹ ਮਨੁੱਖ ਦੁਖੀ ਹੀ ਰਹਿੰਦਾ ਹੈ। ਪਰੰਤੂ ਜਿਸ ਮਨੁੱਖ ਨੇ ਗੁਰੂ ਦੀ ਸਰਨ ਵਿਚ ਆ ਕੇ ਅਕਾਲ ਪੁਰਖੁ ਦੇ ਹੁਕਮੁ ਨੂੰ ਸਮਝ ਲਿਆ, ਉਹ ਮਨੁੱਖ ਉਦੋਂ ਤੋਂ ਹੀ ਸੁਖੀ ਜੀਵਨ ਬਤੀਤ ਕਰਨਾ ਸ਼ੁਰੂ ਕਰ ਦੇਂਦਾ ਹੈ।

**ਜਬ ਲਗੁ ਹੁਕਮੁ ਨ ਬੂਝਤਾ ਤਬ ਹੀ ਲਉ ਦੁਖੀਆ ॥ ਗੁਰ ਮਿਲਿ ਹੁਕਮੁ ਪਛਾਣਿਆ ਤਬ ਹੀ ਤੇ ਸੁਖੀਆ ॥੩॥ {੪੦੦}**

ਜਿਹੜਾ ਮਨੁੱਖ ਅਕਾਲ ਪੁਰਖੁ ਦੇ ਹੁਕਮੁ ਨੂੰ ਨਹੀਂ ਸਮਝਦਾ ਹੈ, ਉਹ ਜੀਵਨ ਵਿੱਚ ਦੁਖ ਹੀ ਪ੍ਰਾਪਤ ਕਰਦਾ ਹੈ। ਅਜੇਹਾ ਮਨੁੱਖ ਅਗਿਆਨਤਾ ਕਰਕੇ ਧੋਖੇ ਵਿੱਚ ਰਹਿੰਦਾਂ ਹੈ ਤੇ ਮਾਇਆ ਦੀ ਨੀਂਦ ਵਿੱਚ ਮਨੁੱਖਾ ਜੀਵਨ ਅਜਾਈਂ ਗਵਾ ਲੈਂਦਾ ਹੈ।

**ਸਲੋਕ ਮਃ ੩ ॥ ਹੁਕਮੁ ਨ ਜਾਣੈ ਬਹੁਤਾ ਰੋਵੈ ॥ ਅੰਦਰਿ ਧੋਖਾ ਨੀਦ ਨ ਸੋਵੈ ॥ {੮੫}**

ਜੇ ਕਰ ਕੋਈ ਚੀਜ਼ ਮਰਯਾਦਾ ਅਨੁਸਾਰ ਚਲਦੀ ਹੈ, ਤਾਂ ਠੀਕ ਹੈ ਨਹੀਂ ਤਾਂ ਤਬਾਹੀ ਹੋ ਸਕਦੀ ਹੈ। ਧਰਤੀ ਮਰਯਾਦਾ ਵਿਚ ਘੁੰਮ ਰਹੀ ਹੈ, ਤਾਂ ਠੀਕ ਹੈ, ਨਹੀਂ ਤਾਂ ਸਭ ਕੁਝ ਤਬਾਹ ਹੋ ਜਾਵੇਗਾ। ਵੈਦ ਦੀ ਦਵਾਈ ਠੀਕ ਸਮੇਂ ਸਿਰ ਅਤੇ ਮਾਤਰਾ ਅਨੁਸਾਰ ਲੈਣੀ ਹੈ, ਨਹੀ ਤਾਂ ਨੁਕਸਾਨ ਹੋ ਸਕਦਾ ਹੈ। ਗੁਰੂ ਗੋਬਿੰਦ ਸਿੰਘ ਸਾਹਿਬ ਨੇ ਤਾਂ ਕਿਹਾ ਹੈ, ਕਿ **"ਖ਼ਾਲਸਾ ਅਕਾਲ ਪੁਰਖੁ ਕੀ ਫ਼ੌਜ"**, ਫ਼ੌਜ ਹਮੇਸ਼ਾਂ ਨਿਯਮ ਅਨੁਸਾਰ ਚਲਦੀ ਹੈ। ਖ਼ਾਲਸਾ ਅਕਾਲ ਪੁਰਖੁ ਦੇ ਨਿਯਮਾਂ ਅਤੇ ਗੁਰਬਾਣੀ ਦੀ ਮਰਯਾਦਾ ਅਨੁਸਾਰ ਚਲਦਾ ਹੈ। ਜੇ ਕਰ ਸਿੱਖ ਗੁਰਮਤਿ ਅਨੁਸਾਰ ਚਲਦਾ

ਹੈ, ਤਾਂ ਠੀਕ ਹੈ ਨਹੀਂ ਤਾਂ, ਪੰਜ ਵਿਕਾਰ {ਕਾਮ, ਕ੍ਰੋਧ, ਲੋਭ, ਮੋਹ, ਹੰਕਾਰ} ਹਮੇਸ਼ਾ ਆਸੇ ਪਾਸੇ ਘੁੰਮ ਰਹੇ ਹਨ। ਇਕ ਸਮਾਂ ਸੀ ਜਦੋਂ ਕਿ ਜੱਜ ਇਕੱਲੇ ਇੱਕ ਸਿੱਖ ਦੇ ਕਹਿਣ ਤੇ ਉਸ ਦੀ ਗਵਾਹੀ ਅਨੁਸਾਰ ਫੈਸਲਾ ਸੁਣਾ ਦੇਂਦਾ ਸੀ। ਪਰੰਤੂ ਹੁਣ ਉਹ ਸਥਿੱਤੀ ਨਹੀਂ ਹੈ। ਇਸ ਲਈ ਜੇ ਕਰ ਉਹੀ ਮਾਣ ਸਤਿਕਾਰ ਵਾਪਿਸ ਹਾਸਲ ਕਰਨਾ ਹੈ, ਤਾਂ ਗੁਰਬਾਣੀ ਰਾਹੀਂ ਦੱਸੇ ਗਏ ਹੁਕਮੁ ਨੂੰ ਬੁੱਝਣਾ ਪਵੇਗਾ, ਤਾਂ ਹੀ ਅਕਾਲ ਪੁਰਖੁ ਦੇ ਦਰ ਤੇ ਅਤੇ ਨਾਲ ਦੀ ਨਾਲ ਸਮਾਜ ਵਿੱਚ ਉੱਚੀ ਪਦਵੀ ਪਾਈ ਜਾ ਸਕਦੀ ਹੈ।

**ਸੇਵਕ ਕਉ ਸੇਵਾ ਬਨਿ ਆਈ ॥ ਹੁਕਮੁ ਬੂਝਿ ਪਰਮ ਪਦੁ ਪਾਈ ॥ {੨੯੨-੨੯੩}**

ਸਾਇੰਸ ਤਨ ਤੇ ਪਦਾਰਥ ਦੀ ਖੋਜ ਦੁਆਰਾ ਹੁਕਮੁ ਨੂੰ ਪਛਾਨਣ ਦਾ ਯਤਨ ਕਰਦੀ ਹੈ। ਗੁਰਮਤਿ ਮਨ ਤੇ ਤਨ ਦੋਹਾਂ ਦੀ ਖੋਜ ਦੁਆਰਾ ਹੁਕਮੁ ਨੂੰ ਪਛਾਨਣ ਦਾ ਯਤਨ ਕਰਦੀ ਹੈ। ਸਾਇੰਸ ਦੀ ਸਮਰੱਥਾ ਤੇ ਖੋਜ, ਸਰੀਰ ਤੇ ਪਦਾਰਥਾਂ ਦੇ ਵਿਕਾਸ ਤੱਕ ਸੀਮਿਤ ਹੈ। ਗੁਰਬਾਣੀ ਮਨ ਤੇ ਤਨ ਦੋਵਾਂ ਦੇ ਵਿਕਾਸ ਲਈ ਸਹਾਇਤਾ ਕਰਦੀ ਹੈ।

**ਇਸੁ ਮਨ ਕਉ ਕੋਈ ਖੋਜਹੁ ਭਾਈ ॥ ਤਨ ਛੂਟੇ ਮਨੁ ਕਹਾ ਸਮਾਈ ॥੪॥**

ਜੇ ਕਰ ਅਸੀਂ ਕੁਦਰਤ ਦੀ ਸਚਾਈ ਜਾਨਣਾ ਚਾਹੁੰਦੇ ਹਾਂ ਤੇ ਆਪਣਾ ਮਨੁੱਖਾ ਜੀਵਨ ਸਫਲ ਕਰਨਾ ਚਾਹੁੰਦੇ ਹਾਂ, ਤਾਂ ਸਾਨੂੰ ਗੁਰਬਾਣੀ ਨੂੰ ਚੰਗੀ ਤਰ੍ਹਾਂ ਖੋਜ ਕੇ ਸਮਝਣਾ ਹੈ, ਤਾਂ ਜੋ ਮਨ ਤੇ ਤਨ ਦੋਵਾਂ ਦੇ ਵਿਕਾਸ ਲਈ ਸਹਾਇਤਾ ਮਿਲ ਸਕੇ। ਸਾਨੂੰ ਸਾਇੰਸ ਤੇ ਹੋਰ ਬਹੁਤ ਸਾਰੇ ਵਿਸ਼ਿਆਂ ਨੂੰ ਵੀ ਚੰਗੀ ਤਰ੍ਹਾਂ ਖੋਜ ਕੇ ਸਮਝਣਾ ਹੈ, ਤਾਂ ਜੋ ਪਦਾਰਥਾਂ ਤੇ ਤਨ ਦੋਵਾਂ ਦੇ ਵਿਕਾਸ ਲਈ ਸਹਾਇਤਾ ਮਿਲ ਸਕੇ।

ਅਸੀਂ ਗੁਰੂ ਸਾਹਿਬ ਅੱਗੇ ਅਰਦਾਸ ਕਰਦੇ ਸਮੇਂ ਮੰਗਾਂ ਤਾਂ ਪੂਰੀਆਂ ਮੰਗਦੇ ਹਾਂ, ਪਰੰਤੂ ਅਸੀਂ ਗੁਰੂ ਸਾਹਿਬ ਦਾ ਹੁਕਮੁ ਅੱਧਾ ਮੰਨਦੇ ਹਾਂ। ਮਾਇਆ ਆਈ ਮਨਜ਼ੂਰ ਹੈ, ਗਈ ਮਨਜ਼ੂਰ ਨਹੀਂ। ਸੁਖ ਮਨਜ਼ੂਰ ਹੈ, ਦੁਖ ਮਨਜ਼ੂਰ ਨਹੀਂ। ਹੰਕਾਰ ਮਨਜ਼ੂਰ ਹੈ, ਨਿਮਰਤਾ ਮਨਜ਼ੂਰ ਨਹੀਂ। ਜਨਮ ਮਨਜ਼ੂਰ ਹੈ, ਮਰਨਾ ਮਨਜ਼ੂਰ ਨਹੀਂ। ਅਸਲੀਅਤ ਇਹ ਹੈ ਕਿ ਇਹ ਸਭ ਕੁਝ ਅਕਾਲ ਪੁਰਖੁ ਦੇ ਹੁਕਮੁ ਅਨੁਸਾਰ ਹੀ ਹੁੰਦਾ ਹੈ। ਸਾਡਾ ਜੰਮਣਾ ਤੇ ਮਰਣਾ ਅਕਾਲ ਪੁਰਖੁ ਦੇ ਹੁਕਮੁ ਅਨੁਸਾਰ ਹੁੰਦਾ ਹੈ, ਤੇ ਇਸ ਦੁਨੀਆਂ ਵਿਚ ਆਉਂਣਾ ਤੇ ਇਸ ਦੁਨੀਆਂ ਤੋਂ ਚਲੇ ਜਾਣਾ ਅਕਾਲ ਪੁਰਖੁ ਦੇ ਭਾਣੈ ਅਨੁਸਾਰ ਹੁੰਦਾ ਹੈ।

**ਜੰਮਣੁ ਮਰਣਾ ਹੁਕਮੁ ਹੈ ਭਾਣੈ ਆਵੈ ਜਾਇ ॥ {੪੭੨-੪੭੩}**

ਇਸ ਲਈ ਸਭ ਤੋਂ ਪਹਿਲਾਂ ਅਕਾਲ ਪੁਰਖੁ ਦੇ ਹੁਕਮੁ ਨੂੰ ਪਛਾਨਣਾ ਹੈ।

**ਹੁਕਮੁ ਪਛਾਨੈ ਸੁ ਏਕੋ ਜਾਨੈ ਬੰਦਾ ਕਹੀਐ ਸੋਈ ॥੩॥ {੧੩੫੦}**

ਹੁਕਮੁ ਦੀ ਪਛਾਣ ਤਾਂ ਹੀ ਹੋ ਸਕਦੀ ਹੈ, ਜੇ ਕਰ ਗੁਰੂ ਦੀ ਮੱਤ ਨੂੰ ਸੁਣਿਆ ਜਾਵੇ। ਉਸ ਲਈ ਜਪੁਜੀ ਸਾਹਿਬ ਦੀਆਂ **ਸੁਣਿਐ** ਦੀਆਂ ਚਾਰ ਪੌੜੀਆਂ {੮ ਤੋਂ ੧੧} ਨੂੰ ਸਮਝਣਾਂ ਤੇ ਵਿਚਾਰਨਾ ਪਵੇਗਾ। ਸੁਣਨ ਤੋਂ ਬਾਅਦ ਮੰਨਣਾਂ ਵੀ ਹੈ, ਇਸ ਲਈ **ਮੰਨੇ ਤੇ ਮੰਨੈ** ਦੀਆਂ ਚਾਰ ਪੌੜੀਆਂ {੧੨ ਤੋਂ ੧੫} ਨੂੰ ਵੀ ਸਮਝਣਾਂ ਤੇ ਵਿਚਾਰਨਾ ਪਵੇਗਾ। ਤਾਂ ਹੀ ਉਸ ਦੇ ਦਰ ਤੇ ਪਰਵਾਨ ਹੋ ਸਕਦੇ ਹਾਂ।

**ਹੁਕਮਿ ਮੰਨਿਐ ਹੋਵੈ ਪਰਵਾਣੁ ਤਾ ਖਸਮੈ ਕਾ ਮਹਲੁ ਪਾਇਸੀ ॥ {੪੭੧}**

ਜਦੋਂ ਮਨੁੱਖ ਦੀ ਅਵਸਥਾਂ ਮੰਨੇ ਤਕ ਪਹੁੰਚ ਜਾਂਦੀ ਹੈ ਤਾਂ ਉਹ **"ਪੰਚ ਪਰਵਾਣ ਪੰਚ ਪਰਧਾਨੁ ॥ ਪੰਚੇ ਪਾਵਹਿ ਦਰਗਹਿ ਮਾਨੁ ॥"** {੩} ਦੀ ਅਵਸਥਾ ਵਲ ਚੱਲ ਪੈਂਦਾ ਹੈ। ਨਾਮੁ, ਹੁਕਮੁ ਅਤੇ ਸਚੁ ਨੂੰ ਸਮਝਣ ਲਈ ਸੱਚੀ ਬਾਣੀ ਹੀ ਗਾਇਨ ਕਰਨੀ ਪਵੇਗੀ।

**ਆਵਹੁ ਸਿਖ ਸਤਿਗੁਰੂ ਕੇ ਪਿਆਰਿਹੋ ਗਾਵਹੁ ਸਚੀ ਬਾਣੀ ॥ ਬਾਣੀ ਤ ਗਾਵਹੁ ਗੁਰੂ ਕੇਰੀ ਬਾਣੀਆ ਸਿਰਿ ਬਾਣੀ ॥ ਜਿਨ ਕਉ ਨਦਰਿ ਕਰਮੁ ਹੋਵੈ ਹਿਰਦੈ ਤਿਨਾ ਸਮਾਣੀ ॥ ਪੀਵਹੁ ਅੰਮ੍ਰਿਤੁ, ਸਦਾ ਰਹਹੁ ਹਰਿ ਰੰਗਿ, ਜਪਿਹੁ ਸਾਰਿਗਪਾਣੀ ॥ ਕਹੈ ਨਾਨਕੁ ਸਦਾ ਗਾਵਹੁ, ਏਹ ਸਚੀ ਬਾਣੀ ॥੨੩॥ {੯੨੦}**

ਇਸ ਲਈ ਆਓ ਸਾਰੇ ਜਾਣੇ ਰੋਜਾਨਾਂ, ਗੁਰੂ ਸਾਹਿਬ ਅੱਗੇ ਹੁਕਮੁ ਦੀ ਪਹਿਚਾਨ ਲਈ ਅਰਦਾਸ ਕਰੀਏ ਅਤੇ ਗੁਰਬਾਣੀ ਰਾਹੀਂ ਦੱਸੇ ਹੋਏ ਮਾਰਗ ਤੇ ਚੱਲ ਕੇ ਉਸ ਅਕਾਲੁ ਪੁਰਖੁ ਦੇ ਹੁਕਮੁ ਅਨੁਸਾਰ ਆਪਣਾ ਜੀਵਨ ਸਫਲ ਕਰੀਏ।

**ਜੇ ਕਰ ਉਪਰ ਲਿਖੀਆਂ, ਗੁਰਬਾਣੀ ਦੀਆਂ ਸਿਖਿਆਵਾਂ, ਨੂੰ ਇਕੱਠਾ ਕਰੀਏ ਤਾਂ ਅਸੀਂ ਸੰਖੇਪ ਵਿਚ ਕਹਿ ਸਕਦੇ ਹਾਂ ਕਿ:**

- ਸਾਨੂੰ ਆਦਰਸ਼ ਗੁਰੂਦੁਆਰਾ ਸਾਹਿਬ ਨੂੰ ਅਮਲੀ ਰੂਪ ਦੇਣ ਲਈ ਇਹ ਧਿਆਨ ਵਿਚ ਰੱਖਣਾ ਹੈ, ਕਿ ਅਸੀਂ ਹਰੇਕ ਉਮਰ ਦੇ ਬੱਚੇ, ਬੱਚੀ, ਨੌਜਵਾਨ, ਇਸਤਰੀ, ਪੁਰਸ਼, ਬਜੁਰਗ, ਮਾਤਾ ਪਿਤਾ ਲਈ ਉਨ੍ਹਾਂ ਦੇ ਮਾਨਸਿਕ, ਆਰਥਿਕ, ਕੰਮ ਕਾਰ, ਸਥਾਨ, ਮੌਸਮ, ਰੁਚੀ ਤੇ ਲੋੜਾਂ ਨੂੰ ਧਿਆਨ ਵਿਚ ਰੱਖਦੇ ਹੋਏ, ਗੁਰਮਤਿ ਅਨੁਸਾਰ ਜੀਵਨ ਦੇ ਸਹੀ ਤੇ ਉਚਿੱਤ ਮਾਰਗ ਲਈ, ਕਿਸ ਤਰ੍ਹਾਂ ਸਿਖਿਆ ਦੇ ਸਕਦੇ ਹਾਂ।
- ਸਭ ਵਰਗ ਦੇ ਲੋਕਾਂ ਦੀਆਂ ਸਮਾਜਕ, ਮਾਨਸਿਕ ਤੇ ਆਰਥਿਕ ਲੋੜਾਂ, ਅਤੇ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿਚ ਰੱਖਦੇ ਹੋਏ, ਉਨ੍ਹਾਂ ਦੀ ਸੋਚ ਨੂੰ ਸਚਿਆਰ ਬਣਨ ਦੀ ਦਿਸ਼ਾ ਵੱਲ ਮੋੜਨਾ ਹੈ, ਤਾਂ ਜੋ ਸਭ ਵਰਗ ਦੇ ਲੋਕ ਆਨੰਦਮਈ ਜੀਵਨ ਬਤੀਤ ਕਰਨ ਸਕਣ।
- ਸਾਨੂੰ ਆਪਣੇ ਗੁਰਦੁਆਰੇ, **"ਸਤਸੰਗਤਿ ਸਤਿਗੁਰ ਚਟਸਾਲ ਹੈ ਜਿਤੁ ਹਰਿ ਗੁਣ ਸਿਖਾ"**, ਭਾਵ, ਇਕ ਚਟਸਾਲ/ਸਕੂਲ ਦੀ ਤਰ੍ਹਾਂ ਬਣਾਉਂਣੇ ਹਨ, ਜਿਥੇ ਅਕਾਲ ਪੁਰਖ ਵਰਗੇ ਗੁਣ ਅਪਨਾ ਕੇ, ਜੀਵਨ ਜਾਚ ਦੀ ਸਿਖਿਆ ਲੈ ਕੇ, ਸਚਿਆਰ ਬਣਨਾ ਸਿਖਾਇਆ ਜਾ ਸਕੇ। ਸਭ ਤਰ੍ਹਾਂ ਦੇ ਵਰਗਾਂ ਲਈ ਸਕੂਲ, ਕਾਲਜ, ਯੂਨੀਵਰਸਟੀ ਦੀ ਤਰ੍ਹਾਂ ਸਲੇਬਸ ਤਿਆਰ ਕਰਕੇ ਸਿਖਿਆ ਦਾ ਪ੍ਰਬੰਧ ਕਰਨਾ ਹੈ।

- ਗੁਰਬਾਣੀ ਅਨੁਸਾਰ ਮਨੁੱਖਾ ਜਨਮ ਦਾ ਮੰਤਵ ਵੀ ਇਹੀ ਹੈ, ਕਿ ਅਕਾਲ ਪੁਰਖੁ ਵਰਗੇ ਗੁਣ ਅਪਨਾ ਕੇ ਉਸ ਨਾਲ ਅਭੇਦ ਹੋਣਾ ਹੈ, ਤੇ ਸਚਿਆਰ ਬਣ ਕੇ ਸਦਾ ਅਨੰਦੁ ਦੀ ਅਵਸਥਾ ਵਿਚ ਆਪਣਾ ਮਨੁੱਖਾ ਜੀਵਨ ਬਤੀਤ ਕਰਨਾ ਹੈ। ਗੁਰਬਾਣੀ ਅਨੁਸਾਰ ਸਿੱਖ ਧਰਮ ਦਾ ਮੁੱਢਲਾ ਸਿਧਾਂਤ ਵੀ ਕੁਦਰਤ ਦੇ ਨਿਯਮਾਂ ਅਨੁਸਾਰ ਚਲਣਾ ਹੀ ਹੈ।

**"ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ"**

- ਸਾਨੂੰ ਆਪਣੇ ਗੁਰਦੁਆਰਾ ਸਾਹਿਬਾਂ ਵਿਚ ਗੁਰੂ ਗੋਬਿੰਦ ਸਿੰਘ ਸਾਹਿਬ ਦੇ ਆਖਰੀ ਹੁਕਮ ਨੂੰ ਮੰਨਣ ਦੀ ਸਿਖਿਆ ਦੇਣੀ ਹੈ। ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਸਿਰਫ ਰਵਾਇਤਾਂ ਪੂਰੀਆਂ ਕਰਨ ਲਈ ਨਹੀਂ ਪੜ੍ਹਨਾਂ ਹੈ, ਬਲਕਿ ਗੁਰੂ ਗਰੰਥ ਸਾਹਿਬ ਵਿਚੋਂ ਖੋਜ ਕੇ ਸਚਿਆਰ ਬਣਨ ਦਾ ਤਰੀਕਾ ਸਿਖਣਾ ਹੈ।
- ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਤੇ ਆਤਮਕ ਜੀਵਨ ਦੇਣ ਵਾਲਾ ਅੰਮ੍ਰਿਤੁ ਪ੍ਰਾਪਤ ਕਰਨ ਦਾ ਤਰੀਕਾ ਸਿਖਣਾ ਹੈ, ਤਾਂ ਜੋ ਆਪਣੇ ਪੰਜ ਵਿਕਾਰਾਂ ਤੇ ਕਾਬੂ ਪਾਇਆ ਜਾ ਸਕੇ, ਮਨ ਦੀ ਸਫਾਈ ਕੀਤੀ ਜਾ ਸਕੇ ਤੇ ਕੂੜ ਦੀ ਪਾਲ ਤੋੜ ਕੇ ਸਚਿਆਰ ਬਣਿਆ ਜਾ ਸਕੇ।
- ਜੇ ਕਰ ਅਸੀਂ ਨਾਮੁ ਬਾਰੇ ਕੁਝ ਸਮਝਣਾ ਚਾਹੁੰਦੇ ਹਾਂ, ਤਾਂ ਸਾਨੂੰ ਪਹਿਲਾਂ ਵਿਸਥਾਰ ਨਾਲ ਹੁਕਮੁ ਬਾਰੇ ਸਮਝਣਾ ਪਵੇਗਾ। ਸਬਦ ਗੁਰੂ ਦੁਆਰਾ ਦਿਤੀ ਗਈ ਸਿਖਿਆ ਨੂੰ, ਪੜ੍ਹ ਕੇ, ਸੁਣ ਕੇ, ਤੇ ਅਮਲੀ ਜੀਵਨ ਵਿਚ ਅਪਨਾ ਕੇ, ਅਕਾਲ ਪੁਰਖੁ ਨਾਲ ਸਦੀਵੀ ਸਬੰਧ, ਕਾਇਮ ਕਰਨ ਦਾ ਤਰੀਕਾ ਸਿਖਣਾ ਹੈ।
- ਗੁਰੂ ਦੇ ਸਬਦ ਦੇ ਦੁਆਰਾ, ਆਪਣੇ ਮਨ ਅੰਦਰੋਂ ਆਪਾ ਭਾਵ ਦੂਰ ਕਰਕੇ, ਆਪਣੇ ਸਰੀਰ ਦੇ ਸਾਰੇ ਅੰਗਾਂ ਨੂੰ ਚੰਗੇ ਮੰਦੇ ਦੀ ਪਰਖ ਸਮਝਾਂ ਕੇ ਸਹੀ ਦਿਸ਼ਾ ਦੇਣੀ ਹੈ। ਸਰੀਰ ਦਾ ਹਰੇਕ ਅੰਗ ਬਾਕੀ ਸਭ ਦੂਸਰੇ ਅੰਗਾਂ ਲਈ ਕੰਮ ਕਰਦਾ ਹੈ ਜਾਂ ਉਨ੍ਹਾਂ ਦੀ ਸਹਾਇਤਾ ਕਰਦਾ ਹੈ, ਪਰੰਤੂ ਬਦਲੇ ਵਿਚ ਕੁਝ ਨਹੀਂ ਮੰਗਦਾ ਹੈ। ਸਰੀਰ ਦਾ ਕੋਈ ਵੀ ਅੰਗ ਦੂਸਰੇ ਅੰਗਾਂ ਦੀ ਨਿੰਦਾ, ਚੁਗਲੀ ਜਾਂ ਵਿਰੋਧਤਾ ਨਹੀਂ ਕਰਦਾ ਹੈ, ਬਲਕਿ ਦੂਸਰੇ ਅੰਗਾਂ ਦੀ ਸਹਾਇਤਾ ਕਰਦਾ ਹੈ ਜਾਂ ਠੀਕ ਮਾਰਗ ਦਰਸ਼ਨ ਕਰਦਾ ਹੈ। ਪ੍ਰਭੂ ਦਾ ਹੁਕਮੁ ਪਛਾਣ ਕੇ ਹੀ ਉਸ ਨੂੰ ਮਿਲਿਆ ਜਾ ਸਕਦਾ ਹੈ। ਇਸ ਲਈ ਪ੍ਰਭੂ ਵਲੋਂ ਦਿਤੀਆਂ ਅੱਖਾਂ, ਕੰਨਾਂ, ਪੈਰਾਂ, ਹੱਥਾਂ, ਜੀਭ ਆਦਿਕ ਸਭ ਇੰਦ੍ਰਿਆਂ ਨੂੰ ਗੁਰਬਾਣੀ ਵਿੱਚ ਦੱਸੇ ਗਏ ਮਾਰਗ ਅਨੁਸਾਰ ਵਰਤਣਾ ਹੈ।
- ਗੁਰਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਸੁਣਨੀ ਹੈ, ਆਪਣੀ ਸੋਚ ਬਦਲਣੀ ਹੈ, ਤੇ ਆਪਣੇ ਕਰਮਾਂ ਦੁਆਰਾ ਅਮਲੀ ਰੂਪ ਵਿਚ ਗੁਰਬਾਣੀ ਉਚਾਰਨੀ ਹੈ। ਜੇ ਕਰ ਅਸੀਂ ਅਕਾਲ ਪੁਰਖੁ ਨਾਲ ਸਾਂਝ ਕਾਇਮ ਕਰਨੀ ਚਾਹੁੰਦੇ ਹਾਂ, ਤਾਂ ਸਾਨੂੰ ਅਕਾਲ ਪੁਰਖੁ ਬਾਰੇ ਪੂਰੀ ਜਾਣਕਾਰੀ ਹਾਸਲ ਕਰਨੀ ਪਵੇਗੀ, ਕਿ ਉਸ ਨੂੰ ਕਿਹੜੇ ਕਰਮ ਠੀਕ ਲਗਦੇ ਹਨ, ਉਸ ਦੀ ਰਚੀ ਹੋਈ ਕੁਦਰਤ ਦਾ ਸਤਿਕਾਰ ਕਰਨਾ ਪਵੇਗਾ, ਉਸ ਦੇ ਹੁਕਮੁ ਨੂੰ ਪਛਾਨਣਾਂ ਪਵੇਗਾ, ਤੇ ਉਸ ਦੀ ਰਜ਼ਾ ਅਨੁਸਾਰ ਚਲਣਾ ਪਵੇਗਾ। ਸਾਨੂੰ ਆਪਣੇ ਅੰਦਰ ਅਕਾਲ ਪੁਰਖੁ ਵਰਗੇ ਗੁਣ ਪੈਦਾ ਕਰਨੇ ਪੈਣਗੇ, ਆਪਣੀ ਸੋਚ ਅਕਾਲ ਪੁਰਖੁ ਵਰਗੀ ਬਣਾਉਣੀ ਪਵੇਗੀ।
- ਗੁਰੂ ਸਾਹਿਬਾਂ ਨੇ ਅਕਾਲ ਪੁਰਖੁ ਦਾ ਕੋਈ ਵੀ ਇਕ ਅਖਰੀ ਨਾਂ ਨੀਯਤ ਨਹੀਂ ਕੀਤਾ ਹੈ ਤੇ ਨਾ ਹੀ ਗੁਰਬਾਣੀ ਵਿਚ ਏਕਾ ਸ਼ਬਦੀ {ਇਕ ਸਬਦ ਨੂੰ ਬਾਰ ਬਾਰ ਦੁਹਰਾਈ ਜਾਣਾ} ਵਾਲਿਆ ਨੂੰ ਪਰਵਾਨ ਕੀਤਾ ਗਿਆ ਹੈ। ਜੇ ਕਰ ਅਸੀਂ ਅਕਾਲ ਪੁਰਖੁ ਨਾਲ ਸਾਂਝ ਪੈਦਾ ਕਰਨਾ ਚਾਹੁੰਦੇ ਹਾਂ ਤਾਂ ਸਾਨੂੰ ਵੀ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਦੀ ਸਹਾਇਤਾ ਨਾਲ ਅਕਾਲ ਪੁਰਖੁ ਬਾਰੇ ਪੂਰੀ ਤਰ੍ਹਾਂ ਜਾਣਕਾਰੀ ਹਾਸਲ ਕਰਨੀ ਪਵੇਗੀ। ਇਹ ਹਮੇਸ਼ਾਂ ਧਿਆਨ ਵਿਚ ਰੱਖਣਾ ਹੈ, ਕਿ ਗੁਰੂ ਦੀ ਸ਼ਰਨ ਵਿਚ ਆਉਂਣ ਤੋਂ ਬਿਨਾ ਕੋਈ ਮਨੁੱਖ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਨਹੀਂ ਕਰ ਸਕਦਾ ਹੈ।
- ਅਕਾਲ ਪੁਰਖੁ ਆਪ ਸਭ ਨੂੰ ਆਸਰਾ ਦੇਣ ਵਾਲਾ ਹੈ, ਇਸ ਲਈ ਕਿਸੇ ਮਨੁੱਖ ਦਾ ਓਟ ਤੇ ਆਸਰਾ ਰੱਖਣਾ ਵਿਅਰਥ ਹੈ। ਆਪਣੇ ਮਨ ਨੂੰ ਸਮਝਾਣਾ ਹੈ ਕਿ ਸਿਰਫ਼ ਅਕਾਲ ਪੁਰਖੁ ਦਾ ਨਾਮੁ ਯਾਦ ਕਰਿਆ ਕਰ, ਸਦਾ ਅਕਾਲ ਪੁਰਖੁ ਦੇ ਗੁਣ ਗਾਇਆ ਕਰ। ਗੁਰੂ ਦੀ ਮਤਿ ਅਨੁਸਾਰ ਆਪਣੇ ਆਤਮਕ ਜੀਵਨ ਨੂੰ ਪੜਤਾਲਣਾ ਹੈ, ਤਾਂ ਜੋ ਅਸੀਂ ਆਪਣੇ ਆਪ ਨੂੰ ਨੀਚ ਤੋਂ ਇਕ ਉੱਤਮ ਮਨੁੱਖ ਬਣਾ ਸਕੀਏ।
- ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਣ ਲਈ ਸਾਨੂੰ ਧਿਆਨ ਨਾਲ, ਆਪਣੇ ਆਪ ਨੂੰ ਟਿਕਾਉ ਵਿਚ ਲਿਆ ਕੇ, ਗੁਰਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨੀ ਹੈ, ਤਾਂ ਜੋ ਅਸੀਂ ਅਕਾਲ ਪੁਰਖੁ ਬਾਰੇ ਜਾਣ ਸਕੀਏ, ਤੇ ਉਸ ਦੀ ਰਚੀ ਹੋਈ ਕੁਦਰਤ ਲਈ ਆਪਣੇ ਅੰਦਰ ਪ੍ਰੇਮ ਪੈਦਾ ਕਰ ਸਕੀਏ।
- ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਦੀ ਬਾਣੀ ਆ ਵਸਦੀ ਹੈ, ਉਹ ਇਸ ਬਾਣੀ ਦੀ ਸਹਾਇਤਾ ਨਾਲ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਕਰ ਲੈਂਦਾ ਹੈ। "**ਗੁਰਬਾਣੀ ਵਰਤੀ ਜਗ ਅੰਤਰਿ ਇਸੁ ਬਾਣੀ ਤੇ ਹਰਿ ਨਾਮੁ ਪਾਇਦਾ**" ਵਿਚ ਬਿਲਕੁਲ ਸਿੱਧੇ ਤੇ ਸਪੱਸ਼ਟ ਤਰੀਕੇ ਨਾਲ ਸਮਝਾਇਆ ਗਿਆ ਹੈ, ਕਿ ਅਕਾਲ ਪੁਰਖੁ ਦਾ ਨਾਮੁ ਗੁਰਬਾਣੀ ਦੁਆਰਾ ਹੀ ਪਾਇਆ ਜਾ ਸਕਦਾ ਹੈ।
- ਗੁਰੂ ਦੇ ਸਬਦ ਦੇ ਦੁਆਰਾ, ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਕਰਕੇ, ਆਪਣੇ ਮਨ ਅੰਦਰ ਨਿਰਮਲ ਭਉ, ਭਾਉ, ਪ੍ਰੇਮ ਤੇ ਭਾਵਨਾਂ ਪੈਦਾ ਕਰਨੀ ਹੈ, ਤਾਂ ਜੋ ਆਪਣੇ ਦਿਮਾਗ਼ ਦੇ ਅੰਦਰ ਲੁਕੇ ਦਸਵੇਂ ਦੁਆਰ ਨੂੰ ਵੇਖਣ ਦਾ ਤਰੀਕਾ ਸਿਖਿਆ ਜਾ ਸਕੇ।

- ਵੈਸੇ ਗਿਆਨੀ ਦੀ ਡਿਗਰੀ ਕਿਤਾਬਾਂ ਪੜ੍ਹ ਕੇ ਯੂਨੀਵਰਸਟੀ ਕੋਲੋ ਲਈ ਜਾ ਸਕਦੀ ਹੈ, ਪਰੰਤੂ ਆਪਣੇ ਅੰਦਰ ਨਿਰਭਉ ਤੇ ਨਿਰਵੈਰ ਦੇ ਗੁਣ ਪੈਦਾ ਕੀਤੇ ਬਿਨਾ, ਗੁਰੂ ਸਾਹਿਬ ਕੋਲੋ ਗਿਆਨੀ ਦੀ ਡਿਗਰੀ ਨਹੀਂ ਮਿਲ ਸਕਦੀ ਹੈ। ਜੇ ਕਰ ਅਕਾਲ ਪੁਰਖੁ ਦਾ ਡਰ, ਭਾਵ, ਅਦਬ-ਸਤਿਕਾਰ ਮਨੁੱਖ ਦੇ ਹਿਰਦੇ ਵਿਚ ਪੈਦਾ ਹੋ ਜਾਏ ਤਾਂ ਦੁਨੀਆਂ ਵਾਲਾ ਡਰ ਦਿਲੋਂ ਦੂਰ ਹੋ ਜਾਂਦਾ ਹੈ।
- ਸਿੱਖ ਨੇ ਅਕਾਲ ਪੁਰਖੁ ਨਾਲ ਨਿਰਮਲ ਭਉ ਦਾ ਰਿਸ਼ਤਾ ਕਾਇਮ ਕਰਨਾ ਹੈ। ਪ੍ਰਭ ਪਿਤਾ ਦੀ ਆਗਿਆ ਦਾ ਪਾਲਨ ਪ੍ਰੇਮ ਤੇ ਸਤਿਕਾਰ ਸਹਿਤ ਕਰਨਾ ਹੈ। ਇਸ ਲਈ ਜਰੂਰੀ ਹੋ ਜਾਂਦਾ ਹੈ, ਕਿ ਗੁਰਬਾਣੀ ਰਾਹੀਂ ਉਸ ਅਕਾਲ ਪੁਰਖੁ ਨੂੰ ਹਮੇਸ਼ਾਂ ਆਪਣੇ ਹਿਰਦੇ ਵਿੱਚ ਵਸਾ ਕੇ ਰੱਖਿਆ ਜਾਵੇ। ਅਕਾਲ ਪੁਰਖੁ ਦੇ ਹੁਕਮੁ ਤੇ ਰਜਾ ਅਨੁਸਾਰ ਚਲਿਆ ਜਾਵੇ। ਜਿਸ ਤਰ੍ਹਾਂ ਬੱਚਾ ਆਪਣੇ ਪਿਤਾ ਨਾਲ ਨਿਡੱਰ ਹੋ ਕੇ ਚਲਦਾ ਹੈ, ਠੀਕ ਉਸੇ ਤਰ੍ਹਾਂ ਮਨੁੱਖ ਗੁਰੂ ਦੀ ਮਿਹਰ ਸਦਕਾ, ਅਕਾਲ ਪੁਰਖੁ ਨੂੰ ਆਪਣਾ ਪਿਤਾ ਬਣਾ ਕੇ ਇਸ ਦੁਨੀਆਂ ਵਿੱਚ ਨਿਡੱਰ ਹੋ ਕੇ ਵਿਚਰ ਸਕਦਾ ਹੈ।
- ਗੁਰੂ ਦੇ ਦਰ ਤੇ ਆ ਕੇ, ਗੁਰੂ ਦੇ ਸਬਦ ਦੇ ਦੁਆਰਾ ਅਜੇਹੀ ਸਿਖਿਆ ਲੈਣੀ ਹੈ, ਜਿਸ ਦੁਆਰਾ ਅਸੀਂ ਆਪਣੀ ਮਾਇਆ ਵਾਲੀ ਤ੍ਰਿਸ਼ਨਾ ਮਿਟਾ ਸਕੀਏ, ਅਸੀਂ ਅਕਾਲ ਪੁਰਖੁ ਨੂੰ ਪਿਆਰੇ ਲਗ ਸਕੀਏ, ਸਤਿਗੁਰੂ ਦੁਆਰਾ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਸਕੀਏ।
- ਗੁਰੂ ਦਾ ਸਬਦ ਬਹੁਤ ਜਿਆਦਾ ਰਸ ਵਾਲਾ ਹੈ ਤੇ ਮਿੱਠਾ ਹੈ, ਪਰੰਤੂ ਜਿਤਨਾ ਚਿਰ ਇਸ ਸਬਦ ਨੂੰ ਚੱਖਿਆ ਨਾ ਜਾਏ, ਇਸ ਦੇ ਸੁਆਦ ਦਾ ਪਤਾ ਨਹੀਂ ਲੱਗਦਾ। ਸਬਦ ਗੁਰੂ ਦੀ ਸ਼ਰਨ ਵਿਚ ਆਉਂਣ ਤੋਂ ਬਿਨਾ ਅਜੇਹਾ ਮਨੁੱਖ ਮਾਇਆ ਦੇ ਮੋਹ ਵਿਚ ਫਸ ਕੇ ਸਦਾ ਦੁਖ ਸਹਾਰਦਾ ਰਹਿੰਦਾ ਹੈ।
- ਗੁਰੂ ਦੀ ਸ਼ਰਨ ਪੈਣ ਵਾਲਾ ਮਨੁੱਖ ਗੁਰੂ ਦੇ ਸ਼ਬਦ ਨੂੰ ਹਮੇਸ਼ਾਂ ਗਾਇਨ ਕਰਦਾ ਰਹਿੰਦਾ ਹੈ, ਸਮਝਦਾ ਰਹਿੰਦਾ ਹੈ, ਤੇ ਵਿਚਾਰਦਾ ਰਹਿੰਦਾ ਹੈ। ਅਜੇਹੇ ਮਨੁੱਖ ਦਾ ਮਨ ਤੇ ਸਰੀਰ ਦਾ ਹਰੇਕ ਅੰਗ, ਗੁਰੂ ਦੀ ਬਰਕਤ ਨਾਲ, ਇਕ ਨਵੀਂ ਆਤਮਕ ਸੋਚ ਅਨੁਸਾਰ ਚਲਦਾ ਹੈ, ਤੇ ਉਹ ਗੁਰੂ ਦੀ ਸ਼ਰਨ ਵਿਚ ਆਉਂਣ ਸਦਕਾ ਆਪਣੇ ਸਾਰੇ ਕੰਮ ਸਵਾਰ ਲੈਂਦਾ ਹੈ।
- ਪਰਵਾਰ ਵਿਚ ਨਵੇਂ ਜੰਮੇ ਬਾਲ ਨੂੰ ਲਾਡ ਪਿਆਰ ਕਰਕੇ ਵਿਗਾੜਨਾ ਨਹੀਂ ਹੈ, ਬਲਕਿ ਸਤਿਗੁਰੂ ਦੀ ਸਹਾਇਤਾ ਨਾਲ, ਉਸ ਦੀ ਪ੍ਰੀਤ ਅਕਾਲ ਪੁਰਖੁ ਦੇ ਚਰਨਾਂ ਨਾਲ ਜੋੜਨੀ ਹੈ, ਤਾਂ ਜੋ ਮਾਇਆ ਦੀ ਤ੍ਰਿਸ਼ਨਾ ਉਸ ਨੂੰ ਚੰਬੜ ਨਾ ਸਕੇ, ਉਸ ਦੇ ਮਨ ਉਪਰ ਪੰਜ ਵਿਕਾਰ ਹਾਵੀ ਨਾ ਹੋ ਸਕਣ।
- ਸਤਿਗੁਰੂ ਆਪਣੇ ਸਿੱਖ ਦੇ ਮਾਇਆ ਦੇ ਬੰਧਨ ਕੱਟ ਦੇਂਦਾ ਹੈ, ਜਿਸ ਸਦਕਾ ਗੁਰੂ ਦਾ ਸਿੱਖ ਵਿਕਾਰਾਂ ਵਲੋਂ ਹਟ ਜਾਂਦਾ ਹੈ। ਸਤਿਗੁਰੂ ਆਪਣੇ ਸਿੱਖ ਨੂੰ ਅਕਾਲ ਪੁਰਖੁ ਦਾ ਨਾਮੁ ਰੂਪੀ ਧਨ ਦੇਂਦਾ ਹੈ ਤੇ ਇਸ ਤਰ੍ਹਾਂ ਸਤਿਗੁਰੂ ਦਾ ਸਿੱਖ ਵੱਡੇ ਭਾਗਾਂ ਵਾਲਾ ਬਣ ਜਾਂਦਾ ਹੈ। ਸਤਿਗੁਰੂ ਆਪਣੇ ਸਿੱਖ ਦਾ ਵਰਤਮਾਨ ਤੇ ਭਵਿੱਖ ਦੋਹਾਂ ਨੂੰ ਸਵਾਰ ਦੇਂਦਾ ਹੈ ਤੇ ਸਤਿਗੁਰੂ ਵੀ ਆਪਣੇ ਸਿੱਖ ਨੂੰ ਆਪਣੀ ਜਿੰਦ ਦੇ ਨਾਲ ਸਦਾ ਯਾਦ ਰੱਖਦਾ ਹੈ।
- ਅਕਾਲ ਪੁਰਖੁ ਦਾ ਨਾਮੁ ਹਰੇਕ ਤਰ੍ਹਾਂ ਦੇ ਸੁਖ ਦੇਣ ਵਾਲਾ ਹੈ, ਪਰੰਤੂ ਗੁਰੂ ਦੀ ਮਤਿ ਅਨੁਸਾਰ ਚਲ ਕੇ ਹੀ ਅਕਾਲ ਪੁਰਖੁ ਦੇ ਨਾਮੁ ਦਾ ਸੁਆਦ ਮਾਣਿਆ ਜਾ ਸਕਦਾ ਹੈ। ਇਸ ਲਈ ਹਮੇਸ਼ਾਂ ਗੁਰੂ ਦੇ ਸਬਦ ਦੁਆਰਾ ਅਕਾਲ ਪੁਰਖੁ ਦਾ ਨਾਮੁ ਯਾਦ ਕਰਨਾ ਚਾਹੀਦਾ ਹੈ।
- ਅੱਜਕਲ ਆਮ ਵੇਖਣ ਵਿਚ ਆਉਂਦਾ ਹੈ, ਕਿ ਜਿਹੜੇ ਮਨੁੱਖ ਸਾਰੀ ਉਮਰ ਗਲਤ ਖਾਣੇ ਖਾਂਦੇ ਰਹਿੰਦੇ ਹਨ, ਉਹ ਬਾਅਦ ਵਿਚ ਬੀਮਾਰੀਆ ਦਾ ਸ਼ਿਕਾਰ ਹੁੰਦੇ ਰਹਿੰਦੇ ਹਨ, ਜਿਹੜੇ ਨਸ਼ਿਆਂ ਵਿਚ ਦੁਤ ਰਹਿੰਦੇ ਹਨ, ਉਹ ਆਪਣਾ ਜੀਵਨ ਤੇ ਜਵਾਨੀ ਬਰਬਾਦ ਕਰ ਲੈਂਦੇ ਹਨ, ਜਿਹੜੇ ਗਲਤ ਕੰਮ ਕਰਦੇ ਰਹਿੰਦੇ ਹਨ, ਉਹ ਜੇਲਾਂ ਵਿਚ ਸੜਦੇ ਰਹਿੰਦੇ ਹਨ। ਜਿਹੜੇ ਮਨੁੱਖ ਆਪਣਾ ਜੀਵਨ ਗੁਰੂ ਗ੍ਰੰਥ ਸਾਹਿਬ ਅਨੁਸਾਰ ਬਤੀਤ ਨਹੀਂ ਕਰਦੇ, ਉਹ ਜੀਵਨ ਦਾ ਸਹੀ ਰਸਤਾ ਨਾ ਪਛਾਨਣ ਕਰਕੇ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਲੈਂਦੇ ਹਨ। ਅਕਾਲ ਪੁਰਖੁ ਦਾ ਨਾਮੁ ਕੋਈ ਇਕ ਅੱਖਰ ਨਹੀਂ ਹੈ, ਜਿਸ ਦੇ ਰਟਨ ਨਾਲ ਨਾਮੁ ਪਾਇਆ ਜਾ ਸਕਦਾ ਹੈ। ਪੂਰੀ ਲਗਨ ਨਿਸ਼ਟਾ, ਘਾਲਣਾ ਤੇ ਗੁਰਬਾਣੀ ਦੁਆਰਾ ਜੀਵਨ ਜਾਚ ਸਿਖਣ ਨਾਲ ਹੀ ਨਾਮੁ ਪਾਇਆ ਜਾ ਸਕਦਾ ਹੈ।
- ਇਹ ਜਗਤ ਭਰਮਾਂ ਭੁਲੇਖਿਆ ਕਰਕੇ ਭਟਕਦਾ ਰਹਿੰਦਾ ਹੈ ਤੇ ਕੁਰਾਹੇ ਪਿਆ ਰਹਿੰਦਾ ਹੈ। ਅਕਾਲ ਪੁਰਖੁ ਦੇ ਨਾਮੁ ਦਾ ਸਿਮਰਨ ਛੱਡਣ ਕਰਕੇ ਮਨੁੱਖ ਮਾਇਆ ਦੇ ਹੱਥਾਂ ਵਿਚ ਵਿਕਦਾ ਰਹਿੰਦਾ ਹੈ, ਜਿਸ ਕਰਕੇ ਉਹ ਆਪਣਾ ਆਤਮਕ ਜੀਵਨ ਵਿਅਰਥ ਗਵਾ ਲੈਂਦਾ ਹੈ।
- ਗੁਰੂ ਦੇ ਸ਼ਬਦ ਨੂੰ ਆਪਣੇ ਹਿਰਦੇ ਵਿਚ ਵਸਾ ਕੇ ਅਜੇਹਾ ਆਤਮਕ ਬਲ ਪੈਦਾ ਕਰਨਾ ਹੈ, ਜਿਸ ਨਾਲ ਪੰਜਾਂ ਵਿਕਾਰਾਂ ਤੇ ਦਸਾਂ ਇੰਦ੍ਰੀਆਂ ਉਪਰ ਕਾਬੂ ਕੀਤਾ ਜਾ ਸਕੇ, ਅਕਾਲ ਪੁਰਖੁ ਦੀ ਕਿਰਪਾ ਦੁਆਰਾ ਆਪਣੇ ਹਿਰਦੇ ਅੰਦਰ ਗਿਆਨ ਦਾ ਚਾਨਣ ਪੈਦਾ ਕੀਤਾ ਜਾ ਸਕੇ, ਆਤਮਕ ਜੀਵਨ ਦੀ ਸੋਝੀ ਲੈ ਸਕੇ, ਮਿੱਤਰ ਤੇ ਵੈਰੀ ਇਕੋ ਜਿਹੇ ਲਗ ਸਕਣ। ਭਾਵੇਂ ਜਾਗਦਾ ਹੋਵੇ, ਜਾਂ ਭਾਵੇਂ ਸੁੱਤਾ ਹੋਵੇ, ਉਹ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹੇ। ਅਕਾਲ ਪੁਰਖੁ ਦੇ ਹੁਕਮੁ ਤੇ ਰਜ਼ਾ ਵਿਚ ਜੋ ਕੁਝ ਵੀ ਹੁੰਦਾ ਹੈ, ਉਸ ਨੂੰ ਪਰਵਾਨ ਕਰੇ, ਤੇ ਆਤਮਕ ਅਡੋਲਤਾ ਵਿਚ ਲੀਨ ਰਹੇ।
- ਆਤਮਕ ਅਡੋਲਤਾ ਵਿਚ ਟਿਕਿਆ ਰਹਿ ਕੇ ਹਿਰਦੇ ਵਿਚੋਂ ਦਵੈਤ ਭਾਵਨਾ ਦੂਰ ਕਰ ਸਕੇ ਤੇ ਮਨ ਵਿਚ ਆਤਮਕ ਅਡੋਲਤਾ ਕਰਕੇ ਆਨੰਦ ਪੈਦਾ ਕਰ ਸਕੇ। ਆਤਮਕ ਅਡੋਲਤਾ ਵਿਚ ਟਿਕ ਕੇ ਨਾਮੁ ਰੂਪੀ ਅੰਮ੍ਰਿਤ ਪੀਂਦਾ ਰਹੇ, ਤੇ ਆਤਮਕ ਅਡੋਲਤਾ ਦੀ ਬਰਕਤ ਨਾਲ ਉਹ ਹੋਰਨਾਂ ਨੂੰ ਵੀ ਆਤਮਕ ਜੀਵਨ ਦੀ ਦਾਤ ਦੇਂਦਾ ਰਹੇ।

- ਜਿਸ ਮਨੁੱਖ ਉਤੇ ਅਕਾਲ ਪੁਰਖੁ ਦੀ ਕਿਰਪਾ ਹੁੰਦੀ ਹੈ, ਉਹ ਸਬਦ ਦੀ ਸਹਾਇਤਾ ਨਾਲ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ। ਗੁਰੂ ਦੀ ਬਖਸ਼ਸ਼ ਨਾਲ ਉਸ ਨੂੰ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦਾ ਨਾਮੁ ਮਿਲ ਜਾਂਦਾ ਹੈ, ਤੇ ਮਨੁੱਖ ਆਤਮਕ ਅਡੋਲਤਾ ਵਿਚ ਰਹਿੰਦਾ ਹੋਇਆ, ਉਸ ਸੱਚ ਨੂੰ ਆਪਣਾ ਧਰਮ ਬਣਾ ਲੈਂਦਾ ਹੈ। ਪਰੰਤੂ ਇਹ ਸਹਜ ਅਵਸਥਾ ਬਿਆਨ ਨਹੀਂ ਕੀਤੀ ਜਾ ਸਕਦੀ। ਜਿਸ ਮਨੁੱਖ ਦੇ ਅੰਦਰ ਇਹ ਆਤਮਕ ਅਡੋਲਤਾ ਪੈਦਾ ਹੁੰਦੀ ਹੈ, ਉਹੀ ਮਨੁੱਖ ਇਸ ਨੂੰ ਸਮਝ ਸਕਦਾ ਹੈ।
- ਆਤਮਕ ਜੀਵਨ ਦੇਣ ਵਾਲਾ ਨਾਮੁ ਰੂਪੀ ਅੰਮ੍ਰਿਤ ਪੀ ਕੇ ਮਨੁੱਖ ਸਦਾ ਲਈ ਮਾਇਆ ਵਲੋਂ ਰੱਜ ਜਾਂਦਾ ਹੈ, ਤੇ ਅਕਾਲ ਪੁਰਖੁ ਦੀ ਮਿਹਰ ਸਦਕਾ ਉਸ ਦੇ ਅੰਦਰ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ।
- ਵਡਭਾਗੀ ਮਨੁੱਖ ਹੀ ਗੁਰੂ ਦੇ ਸ਼ਬਦ ਨੂੰ ਵੀਚਾਰ ਕੇ, ਆਪਣੇ ਅੰਦਰੋਂ ਹਉਮੈ ਦੂਰ ਕਰ ਕੇ ਦਿਨ ਰਾਤ ਆਨੰਦ ਮਾਣਦਾ ਰਹਿੰਦਾ ਹੈ। ਇਸ ਲਈ ਗੁਰੂ ਦੇ ਸ਼ਬਦ, ਭਾਵ ਗੁਰਬਾਣੀ ਨੂੰ ਚੰਗੀ ਤਰ੍ਹਾਂ ਪੜ੍ਹ ਕੇ, ਸਮਝ ਕੇ ਤੇ ਵੀਚਾਰ ਕੇ ਅਕਾਲ ਪੁਰਖੁ ਦੇ ਨਾਮੁ ਦਾ ਜਾਪ ਕਰਨਾ ਚਾਹੀਦਾ ਹੈ। ਗੁਰੂ ਦੇ ਸ਼ਬਦ ਦੁਆਰਾ ਆਪਣੇ ਅੰਦਰੋਂ ਹਉਮੈ ਨੂੰ ਦੂਰ ਕਰ ਕੇ ਅਕਾਲ ਪੁਰਖੁ ਦੇ ਨਾਮੁ ਦਾ ਜਾਪ ਕਰਨਾ ਚਾਹੀਦਾ ਹੈ। ਅਕਾਲ ਪੁਰਖੁ ਦੇ ਡਰ ਅਦਬ ਵਿਚ ਰਹਿ ਕੇ, ਤੇ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦੇ ਪ੍ਰੇਮ ਵਿਚ ਲੀਨ ਹੋ ਕੇ, ਅਕਾਲ ਪੁਰਖੁ ਦਾ ਨਾਮੁ ਜਪਣਾ ਚਾਹੀਦਾ ਹੈ।
- ਜਿਸ ਜੀਵ ਇਸਤ੍ਰੀ ਨੂੰ ਗੁਰਬਾਣੀ ਸਦਾ ਪਿਆਰੀ ਲੱਗਦੀ ਹੈ, ਉਹ ਆਪਣੇ ਅੰਦਰੋਂ ਪਾਪ ਤੇ ਵਿਕਾਰ ਦੂਰ ਕਰ ਲੈਂਦੀ ਹੈ, ਉਸ ਦਾ ਹਉਮੈ ਦਾ ਰੋਗ ਮੁੱਕ ਜਾਂਦਾ ਹੈ, ਹਰੇਕ ਕਿਸਮ ਦਾ ਡਰ ਨਿਕਲ ਜਾਂਦਾ ਹੈ, ਤੇ ਉਹ ਸਦਾ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ, ਤੇ ਅਕਾਲ ਪੁਰਖੁ ਦੇ ਨਾਮੁ ਵਿਚ ਜੁੜ ਕੇ ਉਹ ਅਕਾਲ ਪੁਰਖੁ ਦੇ ਮਿਲਾਪ ਦਾ ਸੁਖ ਮਾਣਦੀ ਰਹਿੰਦੀ ਹੈ।
- ਜਿਸ ਤਰ੍ਹਾਂ ਲੋਕਾਂ ਨੂੰ ਨਾਮੁ ਸਬੰਧੀ ਬਹੁਤ ਭੁਲੇਖਾ ਪਿਆ ਹੋਇਆ ਹੈ, ਠੀਕ ਉਸੇ ਤਰ੍ਹਾਂ ਸਾਨੂੰ ਅੰਮ੍ਰਿਤੁ ਸਬੰਧੀ ਵੀ ਬਹੁਤ ਭੁਲੇਖਾ ਪਿਆ ਹੋਇਆ ਹੈ। ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਬਾਰ ਬਾਰ ਇਹੀ ਸਮਝਾਇਆ ਗਿਆ ਹੈ ਕਿ "**ਅੰਮ੍ਰਿਤੁ ਹਰਿ ਕਾ ਨਾਮੁ**" ਹੈ। ਗੁਰੂ ਗਰੰਥ ਸਾਹਿਬ ਵਿਚ ਇਤਨੀ ਵਾਰੀ ਸਮਝਾਂਣ ਦੇ ਬਾਅਦ ਵੀ ਜੇਕਰ ਅਸੀਂ **ਖੰਡੇ ਬਾਟੇ ਕੀ ਪਾਹੁਲ** ਤੇ **ਅੰਮ੍ਰਿਤੁ** ਵਿਚ ਕੋਈ ਫਰਕ ਨਹੀਂ ਸਮਝ ਸਕੇ ਤਾਂ ਕਹਿਣਾਂ ਪਵੇਗਾ ਕਿ ਜਾਂ ਤਾਂ ਅਸੀਂ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਪੜ੍ਹਦੇ ਹੀ ਨਹੀਂ, ਤੇ ਜਾਂ ਗੁਰੂ ਗਰੰਥ ਸਾਹਿਬ ਅਨੁਸਾਰ ਆਪਣੇ ਜੀਵਨ ਵਿਚ ਵਿਚਰਨ ਤੋਂ ਇਨਕਾਰੀ ਹੋ ਚੁਕੇ ਹਾਂ। ਫਿਰ ਸਾਡੀ ਅਰਦਾਸ ਕਿਸ ਤਰ੍ਹਾਂ ਪ੍ਰਵਾਨ ਹੋ ਸਕਦੀ ਹੈ, ਸਾਡਾ ਭਲਾ ਕਿਸ ਤਰ੍ਹਾਂ ਹੋ ਸਕਦਾ ਹੈ?
- ਪਪੀਹਾ ਲਫ਼ਜ਼ ਸੁਣ ਕੇ ਇਹ ਭੁਲੇਖਾ ਨਹੀਂ ਖਾਣਾਂ ਹੈ, ਕਿ ਦੁਨਿਆਵੀ ਪਾਣੀ ਹੀ ਅੰਮ੍ਰਿਤ ਹੈ, ਜਿਸ ਨੂੰ ਪੀਤਿਆਂ ਮਾਇਆ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ। ਇਸ ਲਈ ਹਮੇਸ਼ਾਂ ਸੁਚੇਤ ਰਹਿਣਾ ਹੈ ਤੇ ਧਿਆਨ ਵਿਚ ਰੱਖਣਾ ਹੈ ਕਿ ਸਿਰਫ ਅਕਾਲ ਪੁਰਖੁ ਦਾ ਨਾਮੁ ਹੀ ਐਸਾ ਅੰਮ੍ਰਿਤ ਹੈ, ਜਿਸ ਨੂੰ ਪੀਤਿਆਂ ਮਨੁੱਖ ਦੇ ਅੰਦਰੋਂ ਮਾਇਆ ਦੀ ਤ੍ਰਿਸ਼ਨਾ ਮਿਟ ਸਕਦੀ ਹੈ।
- ਅਕਾਲ ਪੁਰਖੁ ਦੇ ਹੁਕਮੁ ਅਨੁਸਾਰ ਚਲਣ ਤੋਂ ਬਿਨਾ ਮਨੁੱਖ ਦੀ ਸੁਰਤਿ ਕੂੜ ਵਿਚੋਂ ਨਿਕਲ ਕੇ ਉੱਚੀ ਅਵਸਥਾ ਵਾਲੀ ਨਹੀਂ ਹੋ ਸਕਦੀ ਹੈ, ਇਸ ਲਈ ਆਪਣੀ ਸੁਰਤਿ ਵਿਚ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਟਿਕਾਉਣੀ ਹੈ।
- ਅਕਾਲ ਪੁਰਖੁ ਦਾ ਨਾਮੁ, ਅੰਮ੍ਰਿਤ ਰੂਪੀ ਖ਼ਜ਼ਾਨਾ ਹੈ, ਇਸ ਲਈ ਸਤਿਸੰਗ ਵਿਚ ਮਿਲ ਕੇ ਨਾਮੁ ਰੂਪੀ ਅੰਮ੍ਰਿਤ ਨੂੰ ਪੀਵੋ। ਨਾਮੁ ਰੂਪੀ **ਅੰਮ੍ਰਿਤੁ** ਨੂੰ ਸਿਮਰਨ ਨਾਲ ਹੀ ਸੁਖ ਮਿਲਦਾ ਹੈ, ਤੇ ਮਾਇਆ ਦੀ ਸਾਰੀ ਤ੍ਰਿਸ਼ਨਾ ਮਿਟ ਜਾਂਦੀ ਹੈ, ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ, ਤੇ ਮਨੁੱਖ ਨੂੰ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ।
- ਗੁਰਮਤਿ ਅਨੁਸਾਰ ਮਨੁੱਖਾ ਜੀਵਨ ਦਾ ਮੰਤਵ, ਸਿਧਾਂਤ, ਤੇ ਜੀਵਨ ਦਾ ਸਫਰ, ਸਭ ਕੁਝ ਕੁਦਰਤ ਹੀ ਹੈ। ਇਸ ਲਈ ਸਾਨੂੰ ਲੋਕਾਂ ਨੂੰ ਕੁਦਰਤ ਦੀ ਸੰਭਾਲ ਤੇ ਕਦਰ ਵੀ ਸਿਖਾਉਂਣੀ ਹੈ।
- ਗੁਰੂ ਦੀ ਸੰਗਤਿ ਵਿਚ ਟਿਕਿਆਂ, ਅੱਖਾਂ ਨਾਲ ਅਕਾਲ ਪੁਰਖ ਦਾ ਰਚਿਆ ਹੋਇਆ ਜਗਤ ਤਮਾਸ਼ਾ ਵੇਖ ਸਕਦੇ ਹਾਂ, ਪਰਵਾਰ ਦਾ ਮੋਹ ਤੇ ਹੋਰ ਵਿਕਾਰ ਮਨ ਵਿਚੋਂ ਮਿਟ ਸਕਦੇ ਹਨ। ਇਸ ਲਈ ਪੈਰਾਂ ਨਾਲ ਗੁਰੂ ਦੇ ਦੱਸੇ ਮਾਰਗ ਅਨੁਸਾਰ ਚੱਲ, ਹੱਥਾਂ ਨਾਲ ਗੁਰੂ ਦੀ ਦੱਸੀ ਹੋਈ ਸਿਖਿਆ ਅਨੁਸਾਰ ਕੰਮ ਕਰ ਤੇ ਕੰਨਾਂ ਨਾਲ ਅਕਾਲ ਪੁਰਖ ਦੀ ਸਿਫਤਿ ਸਾਲਾਹ ਦੀ ਬਾਣੀ ਨੂੰ ਸੁਣ, ਇਸ ਤਰ੍ਹਾਂ ਕਰਨ ਨਾਲ ਅਕਾਲ ਪੁਰਖੁ ਦੀ ਦਰਗਾਹ ਵਿਚ ਪਰਵਾਨ ਹੋ ਸਕੇਗਾ।
- ਗੁਰੂ ਦੇ ਦਰ ਤੇ ਆ ਕੇ, ਗੁਰੂ ਦੇ ਸਬਦ ਦੇ ਦੁਆਰਾ, ਅਕਾਲ ਪੁਰਖੁ ਦੇ ਹੁਕਮੁ ਤੇ ਰਜਾ ਅਨੁਸਾਰ ਦੱਸੇ ਗਏ ਮਾਰਗ ਤੇ ਚਲਦੇ ਰਹਿੰਣ ਲਈ ਸਿਖਿਆ ਲੈਣੀ ਹੈ। ਸਿਫ਼ਤਿ ਸਾਲਾਹ ਦੀ ਸੱਚੀ ਬਾਣੀ ਸੁਣਨ ਲਈ ਪ੍ਰੇਰਨਾ ਲੈਣੀ ਹੈ, ਤਾਂ ਜੋ ਮਨੁੱਖ ਗੁਰੂ ਦੇ ਦਰ ਤੇ ਪਹੁੰਚ ਕੇ ਆਤਮਕ ਆਨੰਦ ਮਾਣਦਾ ਰਹੇ।
- ਜਦੋਂ ਤਕ ਮਨੁੱਖ ਅਕਾਲ ਪੁਰਖੁ ਦੇ ਹੁਕਮੁ ਨੂੰ ਨਹੀਂ ਪਛਾਣਦਾ ਤੇ ਉਸ ਦੀ ਰਜ਼ਾ ਨੂੰ ਨਹੀਂ ਸਮਝਦਾ ਹੈ, ਉਤਨਾ ਚਿਰ ਤਕ ਉਹ ਮਨੁੱਖ ਦੁਖੀ ਹੀ ਰਹਿੰਦਾ ਹੈ। ਪਰੰਤੂ ਜਿਸ ਮਨੁੱਖ ਨੇ ਗੁਰੂ ਦੀ ਸਰਨ ਵਿਚ ਆ ਕੇ ਅਕਾਲ ਪੁਰਖੁ ਦੀ ਰਜ਼ਾ ਨੂੰ ਸਮਝ ਲਿਆ, ਉਹ ਮਨੁੱਖ ਉਦੋਂ ਤੋਂ ਹੀ ਸੁਖੀ ਜੀਵਨ ਬਤੀਤ ਕਰਨਾ ਸ਼ੁਰੂ ਕਰ ਦੇਂਦਾ ਹੈ।
- ਜਿਹੜਾ ਮਨੁੱਖ ਅਕਾਲ ਪੁਰਖੁ ਦੇ ਹੁਕਮੁ ਨੂੰ ਨਹੀਂ ਸਮਝਦਾ ਹੈ, ਉਹ ਜੀਵਨ ਵਿੱਚ ਦੁਖ ਹੀ ਪ੍ਰਾਪਤ ਕਰਦਾ ਹੈ। ਅਜੇਹਾ ਮਨੁੱਖ ਅਗਿਆਨਤਾ ਕਰਕੇ ਧੋਖੇ ਵਿੱਚ ਰਹਿੰਦਾਂ ਹੈ ਤੇ ਮਾਇਆ ਦੀ ਨੀਂਦ ਵਿੱਚ ਮਨੁੱਖਾ ਜੀਵਨ ਅਜਾਈਂ ਗਵਾ ਲੈਂਦਾ ਹੈ।

- ਗੁਰੂ ਗੋਬਿੰਦ ਸਿੰਘ ਸਾਹਿਬ ਨੇ ਤਾਂ ਕਿਹਾ ਹੈ ਕਿ **"ਖ਼ਾਲਸਾ ਅਕਾਲ ਪੁਰਖੁ ਕੀ ਫ਼ੌਜ"**, ਤੇ ਫ਼ੌਜ ਹਮੇਸ਼ਾਂ ਨਿਯਮ ਅਨੁਸਾਰ ਚਲਦੀ ਹੈ। ਖ਼ਾਲਸਾ ਅਕਾਲ ਪੁਰਖੁ ਦੇ ਨਿਯਮ ਅਤੇ ਗੁਰਬਾਣੀ ਦੀ ਮਰਯਾਦਾ ਅਨੁਸਾਰ ਚਲਦਾ ਹੈ। ਜੇ ਕਰ ਸਿੱਖ ਗੁਰਮਤਿ ਅਨੁਸਾਰ ਚਲਦਾ ਹੈ, ਤਾਂ ਠੀਕ ਹੈ ਨਹੀਂ ਤਾਂ, ਪੰਜ ਵਿਕਾਰ {ਕਾਮ, ਕ੍ਰੋਧ, ਲੋਭ, ਮੋਹ, ਹੰਕਾਰ} ਹਮੇਸ਼ਾ ਆਸੇ ਪਾਸੇ ਘੁੰਮ ਰਹੇ ਹਨ।
- ਸਾਇੰਸ ਤਨ ਤੇ ਪਦਾਰਥ ਦੀ ਖੋਜ ਦੁਆਰਾ ਹੁਕਮੁ ਨੂੰ ਪਛਾਨਣ ਦਾ ਯਤਨ ਕਰਦੀ ਹੈ। ਗੁਰਮਤਿ ਮਨ ਤੇ ਤਨ ਦੋਹਾਂ ਦੀ ਖੋਜ ਦੁਆਰਾ ਹੁਕਮੁ ਨੂੰ ਪਛਾਨਣ ਦਾ ਯਤਨ ਕਰਦੀ ਹੈ। ਸਾਇੰਸ ਦੀ ਸਮਰੱਥਾ ਤੇ ਖੋਜ, ਸਰੀਰ ਤੇ ਪਦਾਰਥਾਂ ਦੇ ਵਿਕਾਸ ਤੱਕ ਸੀਮਿਤ ਹੈ। ਗੁਰਬਾਣੀ ਮਨ ਤੇ ਤਨ ਦੋਵਾਂ ਦੇ ਵਿਕਾਸ ਲਈ ਸਹਾਇਤਾ ਕਰਦੀ ਹੈ।
- ਜੇ ਕਰ ਅਸੀਂ ਕੁਦਰਤ ਦੀ ਸਚਾਈ ਜਾਨਣਾ ਚਾਹੁੰਦੇ ਹਾਂ ਤੇ ਆਪਣਾ ਮਨੁੱਖਾ ਜੀਵਨ ਸਫਲ ਕਰਨਾ ਚਾਹੁੰਦੇ ਹਾਂ ਤਾਂ ਸਾਨੂੰ ਗੁਰਬਾਣੀ ਨੂੰ ਚੰਗੀ ਤਰ੍ਹਾਂ ਖੋਜ ਕੇ ਸਮਝਣਾ ਹੈ, ਤਾਂ ਜੋ ਮਨ ਤੇ ਤਨ ਦੋਵਾਂ ਦੇ ਵਿਕਾਸ ਲਈ ਸਹਾਇਤਾ ਮਿਲ ਸਕੇ। ਅਤੇ ਸਾਨੂੰ ਸਾਇੰਸ ਤੇ ਹੋਰ ਬਹੁਤ ਸਾਰੇ ਵਿਸ਼ਿਆਂ ਨੂੰ ਵੀ ਚੰਗੀ ਤਰ੍ਹਾਂ ਖੋਜ ਕੇ ਸਮਝਣਾ ਹੈ, ਤਾਂ ਜੋ ਪਦਾਰਥਾਂ ਤੇ ਤਨ ਦੋਵਾਂ ਦੇ ਵਿਕਾਸ ਲਈ ਸਹਾਇਤਾ ਮਿਲ ਸਕੇ।
- ਸਾਡਾ ਜੰਮਣਾ ਤੇ ਮਰਣਾ ਅਕਾਲ ਪੁਰਖੁ ਦੇ ਹੁਕਮੁ ਅਨੁਸਾਰ ਹੁੰਦਾ ਹੈ, ਤੇ ਇਸ ਦੁਨੀਆਂ ਵਿਚ ਆਉਂਣਾ ਤੇ ਇਸ ਦੁਨੀਆਂ ਤੋਂ ਚਲੇ ਜਾਣਾ ਅਕਾਲ ਪੁਰਖੁ ਦੇ ਭਾਣੈ ਅਨੁਸਾਰ ਹੁੰਦਾ ਹੈ। ਇਸ ਲਈ ਸਭ ਤੋਂ ਪਹਿਲਾਂ ਅਕਾਲ ਪੁਰਖੁ ਦੇ ਹੁਕਮੁ ਨੂੰ ਪਛਾਨਣਾ ਹੈ।

**ਹੁਕਮੁ ਪਛਾਨੈ ਸੁ ਏਕੋ ਜਾਨੈ ਬੰਦਾ ਕਹੀਐ ਸੋਈ ॥੩॥ {੧੩੫੦}**

ਹੁਕਮੁ ਦੀ ਪਛਾਣ ਤਾਂ ਹੀ ਹੋ ਸਕਦੀ ਹੈ, ਜੇ ਕਰ ਗੁਰੂ ਦੀ ਮੱਤ ਨੂੰ ਸੁਣਿਆ ਜਾਵੈ।

**ਹੁਕਮਿ ਮੰਨਿਐ ਹੋਵੈ ਪਰਵਾਣੁ ਤਾ ਖਸਮੈ ਕਾ ਮਹਲੁ ਪਾਇਸੀ ॥ {੪੭੧}**

ਜਦੋਂ ਮਨੁੱਖ ਦੀ ਅਵਸਥਾਂ ਮੰਨੇ ਤਕ ਪਹੁੰਚ ਜਾਂਦੀ ਹੈ ਤਾਂ ਉਹ **"ਪੰਚ ਪਰਵਾਣ ਪੰਚ ਪਰਧਾਨੁ ॥ ਪੰਚੇ ਪਾਵਹਿ ਦਰਗਹਿ ਮਾਨੁ ॥"** ਦੀ ਅਵਸਥਾ ਵਲ ਚੱਲ ਪੈਂਦਾ ਹੈ। ਨਾਮੁ, ਹੁਕਮੁ ਅਤੇ ਸਚੁ ਨੂੰ ਸਮਝਣ ਲਈ ਸੱਚੀ ਬਾਣੀ ਹੀ ਗਾਇਨ ਕਰਨੀ ਪਵੇਗੀ।

**ਆਵਹੁ ਸਿਖ ਸਤਿਗੁਰੂ ਕੇ ਪਿਆਰਿਹੋ ਗਾਵਹੁ ਸਚੀ ਬਾਣੀ ॥ ਬਾਣੀ ਤ ਗਾਵਹੁ ਗੁਰੂ ਕੇਰੀ ਬਾਣੀਆ ਸਿਰਿ ਬਾਣੀ ॥ ਜਿਨ ਕਉ ਨਦਰਿ ਕਰਮੁ ਹੋਵੈ ਹਿਰਦੈ ਤਿਨਾ ਸਮਾਣੀ ॥ ਪੀਵਹੁ ਅੰਮ੍ਰਿਤੁ, ਸਦਾ ਰਹਹੁ ਹਰਿ ਰੰਗਿ, ਜਪਿਹੁ ਸਾਰਿਗਪਾਣੀ ॥ ਕਹੈ ਨਾਨਕੁ ਸਦਾ ਗਾਵਹੁ, ਏਹ ਸਚੀ ਬਾਣੀ ॥੨੩॥ {੯੨੦}**

ਇਸ ਲਈ ਆਓ ਸਾਰੇ ਜਾਣੇ ਰੋਜਾਨਾਂ, ਗੁਰੂ ਸਾਹਿਬ ਅੱਗੇ ਹੁਕਮੁ ਦੀ ਪਹਿਚਾਨ ਲਈ ਅਰਦਾਸ ਕਰੀਏ ਅਤੇ ਗੁਰਬਾਣੀ ਰਾਹੀਂ ਦੱਸੇ ਹੋਏ ਮਾਰਗ ਤੇ ਚੱਲ ਕੇ ਉਸ ਅਕਾਲੁ ਪੁਰਖੁ ਦੇ ਹੁਕਮੁ ਅਨੁਸਾਰ ਆਪਣਾ ਮਨੁੱਖਾ ਜੀਵਨ ਸਫਲ ਕਰੀਏ।

**"ਵਾਹਿ ਗੁਰੂ ਜੀ ਕਾ ਖ਼ਾਲਸਾ ਵਾਹਿ ਗੁਰੂ ਜੀ ਕੀ ਫਤਿਹ"**

{ਡਾ: ਸਰਬਜੀਤ ਸਿੰਘ}
ਆਰ ਐਚ ੧ / ਈ - ੮, ਸੈਕਟਰ - ੮,
ਵਾਸ਼ੀ, ਨਵੀਂ ਮੁੰਬਈ - ੪੦੦੭੦੩.
Email = sarbjitsingh@yahoo.com
Web =https://gurmat-research.com/
http://www.geocities.ws/sarbjitsingh